ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

**International Daily Newspaper & WEB TV**

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 28 ਜੂਨ 2026 (ਨਾਨਕਸ਼ਾਹੀ ਸੰਮਤ : ੫੫੮, ੧੪ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

# ਸੱਚਖੰਡ ਹਜ਼ੂਰ ਸਾਹਿਬ ਦੇ ਪ੍ਰਬੰਧ ਚਲਾਉਣ ਲਈ 1956 ਦੇ ਐਕਟ ਨੂੰ ਨਾ ਬਦਲਣ ਲਈ ਸੰਤ ਸੀਚੇਵਾਲ ਨੇ ਮਹਾਰਾਸ਼ਟਰ ਦੇ ਮੁੱਖ ਮੰਤਰੀ ਨੂੰ ਲਿਖਿਆ ਪੱਤਰ



ਸੁਲਤਾਨਪੁਰ ਲੋਧੀ, ਕਪੂਰਥਲਾ, 27 ਜੂਨ (ਆਵਾਜ਼ਿ ਕੌਮ ਬਿਊਰੋ)- ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਦੇ ਪ੍ਰਬੰਧਾਂ ਲਈ ਬਣੇ 1956 ਦੇ ਐਕਟ ਵਿੱਚ ਕਿਸੇ ਵੀ ਤਰ੍ਹਾਂ ਦੀ ਸੋਧ ਨਾ ਕਰਨ ਦੀ ਮੰਗ ਕਰਦਿਆਂ ਮਹਾਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਨੂੰ ਪੱਤਰ ਲਿਖਿਆ ਹੈ। ਉਹਨਾਂ ਵੱਲੋਂ ਇਸ ਪੱਤਰ ਦਾ ਉਤਾਰਾ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਵੀ ਭੇਜ ਕੇ ਤੁਰੰਤ ਦਖ਼ਲ ਦੇਣ ਦੀ ਮੰਗ ਕੀਤੀ ਹੈ। ਆਪਣੇ ਪੱਤਰ ਵਿੱਚ ਸੰਤ ਸੀਚੇਵਾਲ ਨੇ ਕਿਹਾ ਹੈ ਕਿ ਸਿੱਖਾਂ ਦੇ ਧਾਰਮਿਕ ਮਾਮਲਿਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਸਰਕਾਰੀ ਦਖ਼ਲਅੰਦਾਜ਼ੀ ਨਾ ਕੀਤੀ ਜਾਵੇ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਮਹਾਰਾਸ਼ਟਰ ਸਰਕਾਰ ਇਸ ਮਾਮਲੇ ਵਿੱਚ ਅੱਗੇ ਵਧਦੀ ਹੈ ਤਾਂ ਇਸ ਦਾ ਵਿਰੋਧ ਸਿਰਫ਼ ਮਹਾਰਾਸ਼ਟਰ ਤੱਕ ਸੀਮਿਤ ਨਹੀਂ ਰਹੇਗਾ, ਸਗੋਂ ਦੇਸ਼-ਵਿਦੇਸ਼ ਵਿੱਚ ਵਸਦੀਆਂ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਵੱਲੋਂ ਵੀ ਤਿੱਖਾ ਪ੍ਰਤੀਕਰਮ ਸਾਹਮਣੇ ਆ ਸਕਦਾ ਹੈ,ਜਿਸਦਾ ਭਾਜਪਾ ਸਰਕਾਰ ਨੂੰ ਸਾਹਮਣਾ ਕਰਨਾ ਪਵੇਗਾ। ਉਨ੍ਹਾਂ ਕਿਹਾ

## ਗ੍ਰਹਿ ਮੰਤਰੀ ਤੇ ਪ੍ਰਧਾਨ ਮੰਤਰੀ ਕੋਲੋਂ ਦਖ਼ਲ ਦੀ ਕੀਤੀ ਮੰਗ

ਕਿ ਪੰਜਾਬ ਇੱਕ ਸਰਹੱਦੀ ਅਤੇ ਸੰਵੇਦਨਸ਼ੀਲ ਸੂਬਾ ਹੈ, ਜਿੱਥੇ ਵੱਡੀਆਂ ਕੁਰਬਾਨੀਆਂ ਤੋਂ ਬਾਅਦ ਅਮਨ-ਸ਼ਾਂਤੀ ਕਾਇਮ ਹੋਈ ਹੈ। ਇਸ ਲਈ ਸਰਕਾਰ ਨੂੰ ਅਜਿਹਾ ਕੋਈ ਵੀ ਕਦਮ ਨਹੀਂ ਚੁੱਕਣਾ ਚਾਹੀਦਾ ਜੋ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾ ਕੇ ਮਾਹੌਲ ਨੂੰ ਪ੍ਰਭਾਵਿਤ ਕਰੇ। ਸੰਤ ਸੀਚੇਵਾਲ ਨੇ ਆਪਣੇ ਪੱਤਰ ਵਿੱਚ ਜ਼ੋਰ ਦੇ ਕੇ ਕਿਹਾ ਕਿ ਇਹ ਮਾਮਲਾ ਸਿੱਖ ਕੌਮ ਦੇ ਬੁਨਿਆਦੀ ਅਤੇ ਸੰਵਿਧਾਨਕ ਅਧਿਕਾਰਾਂ ਨਾਲ ਜੁੜਿਆ ਹੋਇਆ ਹੈ। ਸਿੱਖ ਕੌਮ ਆਪਣੀਆਂ ਧਾਰਮਿਕ ਸੰਸਥਾਵਾਂ ਦਾ ਪ੍ਰਬੰਧ ਖ਼ੁਦ ਕਰਨ ਦੇ ਯੋਗ ਹੈ ਅਤੇ ਇਸ ਵਿੱਚ ਕਿਸੇ ਵੀ ਸਰਕਾਰੀ ਦਖ਼ਲ ਦੀ ਲੋੜ ਨਹੀਂ ਹੈ। ਉਨ੍ਹਾਂ ਲਿਖਿਆ ਕਿ ਜਦੋਂ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਪ੍ਰਬੰਧਕਾਂ ਨੇ ਗੁਰਮਤਾ ਪਾਸ ਕਰਕੇ ਮਹਾਰਾਸ਼ਟਰ ਸਰਕਾਰ ਵੱਲੋਂ 1956 ਦੇ ਐਕਟ ਨੂੰ ਰੱਦ ਕਰਕੇ ਨਵਾਂ ਕਾਨੂੰਨ ਲਿਆਉਣ ਦੇ ਪ੍ਰਸਤਾਵ ਨੂੰ ਸਪੱਸ਼ਟ ਤੌਰ 'ਤੇ ਰੱਦ ਕਰ ਦਿੱਤਾ ਹੈ ਤਾਂ ਸਰਕਾਰ ਨੂੰ ਇਸ ਬਿੱਲ ਨੂੰ ਅੱਗੇ ਨਹੀਂ ਵਧਾਉਣਾ ਚਾਹੀਦਾ।

## ਦੇਸ਼ ਦੀ ਆਜ਼ਾਦੀ ਵਿੱਚ ਸਿੱਖਾਂ ਦੀਆਂ ਕੁਰਬਾਨੀਆਂ ਨੂੰ ਕਰਵਾਇਆ ਯਾਦ

ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਆਪਣੇ ਪੱਤਰ ਵਿੱਚ ਮਹਾਰਾਸ਼ਟਰ ਦੇ ਮੁੱਖ ਮੰਤਰੀ ਨੂੰ ਯਾਦ ਕਰਵਾਇਆ ਕਿ ਭਾਰਤ ਦੀ ਆਜ਼ਾਦੀ ਲਈ ਸਿੱਖ ਕੌਮ ਨੇ ਸਭ ਤੋਂ ਵੱਧ ਕੁਰਬਾਨੀਆਂ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਹਰ ਸੂਬੇ ਸਿੱਖ ਗੁਰਧਾਮਾਂ ਦਾ ਪ੍ਰਬੰਧ ਸਿੱਖ ਕੌਮ ਹਮੇਸ਼ਾ ਖ਼ੁਦ ਕਰਦੀ ਆਈ ਹੈ ਅਤੇ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਸਰਕਾਰੀ ਦਖ਼ਲਅੰਦਾਜ਼ੀ ਦਾ ਸੰਗਤਾਂ ਨੇ ਹਰ ਸਮੇਂ ਵਿਰੋਧ ਕੀਤਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਕੋਰੋਨਾ ਮਹਾਂਮਾਰੀ ਦੌਰਾਨ ਸਿੱਖ ਕੌਮ ਵੱਲੋਂ ਨਿਸ਼ਕਾਮ ਸੇਵਾ ਦੀ ਜੋ ਮਿਸਾਲ ਪੇਸ਼ ਕੀਤੀ ਗਈ, ਉਸ ਨੂੰ ਪੂਰੀ ਦੁਨੀਆ ਨੇ ਸਰਾਹਿਆ। ਸਿੱਖ ਕੌਮ ਇਕ ਦਾਨੀ ਕੌਮ ਵਜੋਂ ਜਾਣੀ ਜਾਂਦੀ ਹੈ,ਪਰ ਆਪਣੇ ਧਾਰਮਿਕ ਮਾਮਲਿਆ 'ਚ ਦਖ਼ਲ ਬਰਦਾਸ਼ਤ ਨਹੀਂ ਕਰੇਗੀ। ਸੰਤ ਸੀਚੇਵਾਲ ਨੇ ਕਿਹਾ ਕਿ ਸਿੱਖ ਸੰਸਥਾਵਾਂ ਦੀ ਖ਼ੁਦਮੁਖਤਿਆਰੀ ਵਿੱਚ ਦਖ਼ਲਅੰਦਾਜ਼ੀ ਦੀਆਂ ਕੋਸ਼ਿਸ਼ਾਂ ਦਾ ਸੰਗਤਾਂ ਨੇ ਹਮੇਸ਼ਾ ਡਟ ਕੇ ਵਿਰੋਧ ਕੀਤਾ ਹੈ। ਉਨ੍ਹਾਂ ਯਾਦ ਦਿਵਾਇਆ ਕਿ ਮਹਾਰਾਸ਼ਟਰ ਸਰਕਾਰ ਨੇ 2015 ਤੋਂ ਵੀ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਪ੍ਰਬੰਧਾਂ ਵਿੱਚ ਦਖ਼ਲ ਦੇ ਯਤਨ ਕੀਤੇ ਸਨ। ਉਨ੍ਹਾਂ ਇਹ ਵੀ ਦਰਸਾਇਆ ਕਿ ਫਰਵਰੀ 2024 ਵਿੱਚ ਮਹਾਰਾਸ਼ਟਰ ਸਰਕਾਰ ਇੱਕ ਅਜਿਹੀ ਸੋਧ ਲਿਆਉਣਾ ਚਾਹੁੰਦੀ ਸੀ ਜਿਸ ਤਹਿਤ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ 17 ਮੈਂਬਰੀ ਬੋਰਡ ਵਿੱਚੋਂ 12 ਮੈਂਬਰਾਂ ਅਤੇ ਪ੍ਰਧਾਨ ਨੂੰ ਸਿੱਧੇ ਤੌਰ 'ਤੇ ਨਾਮਜ਼ਦ ਕਰਨ ਦਾ ਅਧਿਕਾਰ ਸਰਕਾਰ ਨੂੰ ਮਿਲ ਜਾਣਾ ਸੀ। ਸਿੱਖ ਸੰਗਤਾਂ ਅਤੇ ਧਾਰਮਿਕ ਸੰਸਥਾਵਾਂ ਦੇ ਤਿੱਖੇ ਵਿਰੋਧ ਕਾਰਨ ਸਰਕਾਰ ਨੂੰ ਉਹ ਪ੍ਰਸਤਾਵ ਵਾਪਸ ਲੈਣਾ ਪਿਆ ਸੀ।

# ਜਥੇਦਾਰ ਸਾਹਿਬਾਨ ਵਿਰੁੱਧ ਏਆਈ ਵੀਡੀਓ ਬਣਾਉਣ ਵਾਲਿਆਂ ਖ਼ਿਲਾਫ਼ ਤੁਰੰਤ ਕਾਰਵਾਈ ਕਰੇ ਪੰਜਾਬ ਪੁਲਿਸ: ਪਰਗਟ ਸਿੰਘ

ਚੰਡੀਗੜ੍ਹ, 27 ਜੂਨ (ਆਵਾਜ਼ਿ ਕੌਮ ਬਿਊਰੋ)- ਸੀਨੀਅਰ ਕਾਂਗਰਸੀ ਆਗੂ ਅਤੇ ਵਿਧਾਇਕ ਪਰਗਟ ਸਿੰਘ ਨੇ ਆਮ ਆਦਮੀ ਪਾਰਟੀ ਦੇ ਆਈਟੀ ਸੈੱਲ ਨਾਲ ਜੁੜੇ ਸੋਸ਼ਲ ਮੀਡੀਆ ਪੇਜਾਂ 'ਤੇ ਸਤਿਕਾਰਯੋਗ ਜਥੇਦਾਰ ਸਾਹਿਬਾਨ ਦੀਆਂ ਏਆਈ ਰਾਹੀਂ ਤਿਆਰ ਕੀਤੀਆਂ ਗਈਆਂ



ਇਤਰਾਜ਼ਯੋਗ ਅਤੇ ਅਪਮਾਨਜਨਕ ਵੀਡੀਓਜ਼ ਪ੍ਰਸਾਰਿਤ ਕੀਤੇ ਜਾਣ ਦੀ ਸਖ਼ਤ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਹਰਕਤਾਂ ਨਾ ਸਿਰਫ਼ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਂਦੀਆਂ ਹਨ, ਸਗੋਂ ਪੰਜਾਬ ਦਾ ਮਾਹੌਲ ਖ਼ਰਾਬ ਕਰਨ ਅਤੇ ਸਮਾਜ ਵਿੱਚ ਟਕਰਾਅ ਪੈਦਾ ਕਰਨ ਦੀ ਸਾਜ਼ਿਸ਼ ਵੀ ਹਨ। ਉਨ੍ਹਾਂ ਚੇਤਾਵਨੀ ਦਿੱਤੀ ਕਿ ਧਾਰਮਿਕ ਮਾਮਲਿਆਂ ਵਿੱਚ ਸਿਆਸੀ ਲਾਭ ਲਈ ਏਆਈ ਦੀ ਵਰਤੋਂ ਕਰਨਾ ਬਹੁਤ ਹੀ ਖ਼ਤਰਨਾਕ ਰੁਝਾਨ ਹੈ ਅਤੇ ਇਸ ਦੀ ਵਰਤੋਂ ਸਰਾਸਰ ਗਲਤ ਹੈ। ਪਰਗਟ ਸਿੰਘ ਨੇ ਪੰਜਾਬ ਪੁਲਿਸ ਦੇ ਡੀਜੀਪੀ ਗੌਰਵ ਯਾਦਵ ਤੋਂ ਮੰਗ ਕੀਤੀ ਕਿ ਇਨ੍ਹਾਂ ਵੀਡੀਓਜ਼ ਨੂੰ ਬਣਾਉਣ, ਪ੍ਰਸਾਰਿਤ ਕਰਨ ਅਤੇ ਵਾਇਰਲ ਕਰਨ ਵਾਲੇ ਸਾਰੇ ਵਿਅਕਤੀਆਂ ਦੀ ਤੁਰੰਤ ਪਛਾਣ ਕਰਕੇ ਨਿਰਪੱਖ ਜਾਂਚ ਕਰਵਾਈ ਜਾਵੇ। ਉਨ੍ਹਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ। ਜੇਕਰ ਅਜਿਹੇ ਮਾਮਲਿਆਂ ਵਿੱਚ ਸਮੇਂ ਸਿਰ ਕਾਰਵਾਈ ਨਾ ਕੀਤੀ ਗਈ ਤਾਂ ਇਸ ਨਾਲ ਕਾਨੂੰਨ-ਵਿਵਸਥਾ ਅਤੇ ਸਮਾਜਿਕ ਭਾਈਚਾਰੇ ਦੋਵਾਂ 'ਤੇ ਮਾੜਾ ਅਸਰ ਪੈ ਸਕਦਾ ਹੈ। ਪਰਗਟ ਸਿੰਘ ਨੇ ਕਿਹਾ ਕਿ ਪਿਛਲੇ ਕੁਝ ਸਮੇਂ ਤੋਂ ਸੋਸ਼ਲ ਮੀਡੀਆ 'ਤੇ ਯੋਜਨਾਬੱਧ ਢੰਗ ਨਾਲ ਅਜਿਹੀਆਂ ਏਆਈ ਵੀਡੀਓਜ਼ ਵਾਇਰਲ ਕੀਤੀਆਂ ਜਾ ਰਹੀਆਂ ਹਨ, ਜਿਨ੍ਹਾਂ ਦਾ ਮਕਸਦ ਸਿੱਖ ਧਾਰਮਿਕ ਸੰਸਥਾਵਾਂ ਅਤੇ ਜਥੇਦਾਰ ਸਾਹਿਬਾਨ ਦੀ ਮਰਿਆਦਾ ਨੂੰ ਠੇਸ ਪਹੁੰਚਾਉਣਾ ਹੈ। ਇਹ ਬਹੁਤ ਹੀ ਗੰਭੀਰ ਮਾਮਲਾ ਹੈ ਅਤੇ ਇਸ ਨੂੰ ਕਿਸੇ ਵੀ ਕੀਮਤ 'ਤੇ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਪਰਗਟ ਸਿੰਘ ਨੇ ਕਿਹਾ ਕਿ ਸਰਕਾਰ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਕਿਸੇ ਵੀ ਸਿਆਸੀ ਪਾਰਟੀ ਜਾਂ ਉਸ ਦੇ ਆਈਟੀ ਸੈੱਲ ਨੂੰ ਧਾਰਮਿਕ ਭਾਵਨਾਵਾਂ ਨਾਲ ਖਿਲਵਾੜ ਕਰਨ ਦੀ ਖੁੱਲ੍ਹੀ ਛੂਟ ਨਾ ਦੇਵੇ। ਉਨ੍ਹਾਂ ਕਿਹਾ ਕਿ ਪੰਜਾਬ ਹਮੇਸ਼ਾ ਭਾਈਚਾਰੇ ਅਤੇ ਆਪਸੀ ਸਤਿਕਾਰ ਦੀ ਧਰਤੀ ਰਿਹਾ ਹੈ ਅਤੇ ਧਾਰਮਿਕ ਸੰਸਥਾਵਾਂ ਦਾ ਸਤਿਕਾਰ ਕਾਇਮ ਰੱਖਣਾ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ।

# ਪੰਜਾਬ ਵਿੱਚ ਲਾਗੂ ਹੋਈ 'ਵੀ.ਬੀ.-ਜੀ ਰਾਮ ਜੀ' ਯੋਜਨਾ ਪੇਂਡੂ ਪਰਿਵਾਰਾਂ ਨੂੰ ਮਿਲੇਗੀ 125 ਦਿਨਾਂ ਦੇ ਰੋਜ਼ਗਾਰ ਦੀ ਗਾਰੰਟੀ



ਚੰਡੀਗੜ੍ਹ, 27 ਜੂਨ (ਆਵਾਜ਼ਿ ਕੌਮ ਬਿਊਰੋ)- ਪੰਜਾਬ ਵਿੱਚ ਵਿਰੋਧ ਦੇ ਬਾਵਜੂਦ ਇੱਕ ਵੱਡੀ ਸਕੀਮ ਲਾਗੂ ਕਰ ਦਿੱਤੀ ਗਈ ਹੈ। ਪੰਜਾਬ ਸਰਕਾਰ ਵੱਲੋਂ ਨਵੀਂ "ਵਿਕਸਿਤ ਭਾਰਤ-ਗਾਰੰਟੀ ਫਾਰ ਰੋਜ਼ਗਾਰ ਐਂਡ ਆਜੀਵਿਕਾ ਮਿਸ਼ਨ (ਗ੍ਰਾਮੀਣ) ਸਕੀਮ, ਪੰਜਾਬ 2026" ਨੂੰ ਨੋਟੀਫਾਈ ਕਰਨ ਸਬੰਧੀ ਗਜ਼ਟ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ। ਇਹ ਗਜ਼ਟ ਨੋਟੀਫਿਕੇਸ਼ਨ 26 ਜੂਨ 2026 ਤੋਂ ਜਾਰੀ ਹੋ ਗਿਆ ਹੈ। ਇਸ

## ਪੰਜਾਬ ਸਰਕਾਰ ਨੇ ਜਾਰੀ ਕੀਤਾ ਨੋਟੀਫਿਕੇਸ਼ਨ

ਨਵੀਂ ਯੋਜਨਾ ਦੇ ਤਹਿਤ ਹੁਣ ਪੰਜਾਬ ਦੇ ਪੇਂਡੂ ਪਰਿਵਾਰਾਂ ਨੂੰ ਇੱਕ ਵਿੱਤੀ ਸਾਲ ਦੇ ਅੰਦਰ 125 ਦਿਨਾਂ ਦੇ ਰੋਜ਼ਗਾਰ ਦੀ ਗਾਰੰਟੀ ਦੇਣ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ। ਇਹ ਸਕੀਮ ਕੇਂਦਰ ਸਰਕਾਰ ਦੇ 'ਵਿਕਸਿਤ ਭਾਰਤ @2047' ਦੇ ਵਿਜ਼ਨ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤੀ ਗਈ ਹੈ, ਜਿਸ ਦਾ ਮੁੱਖ ਮਕਸਦ ਪੇਂਡੂ ਖੇਤਰਾਂ ਵਿੱਚ ਰੋਜ਼ਗਾਰ ਅਤੇ ਆਜੀਵਿਕਾ ਦੇ ਸਾਧਨਾਂ ਨੂੰ ਮਜ਼ਬੂਤ ਕਰਨਾ ਹੈ। ਜ਼ਿਕਰਯੋਗ ਹੈ ਕਿ ਇਸ ਯੋਜਨਾ ਨੂੰ ਲੈ ਕੇ ਪਹਿਲਾਂ ਕਾਫੀ ਸਿਆਸੀ ਵਿਰੋਧ ਦੇਖਣ ਨੂੰ ਮਿਲਿਆ ਸੀ। ਪੰਜਾਬ ਸਰਕਾਰ ਵੱਲੋਂ ਇਸ ਸਕੀਮ ਦੇ ਵਿਰੋਧ ਵਿੱਚ ਵਿਧਾਨ ਸਭਾ ਵਿੱਚ ਇੱਕ ਪ੍ਰਸਤਾਵ ਵੀ ਪਾਸ ਕੀਤਾ ਗਿਆ ਸੀ। ਪਰ ਇਸ ਤਿੱਖੇ ਵਿਰੋਧ ਦੇ ਬਾਵਜੂਦ, ਹੁਣ ਸਰਕਾਰ ਵੱਲੋਂ ਅਧਿਕਾਰਤ ਤੌਰ 'ਤੇ 'ਵਿਕਸਿਤ ਭਾਰਤ-ਗਾਰੰਟੀ ਫਾਰ ਰੋਜ਼ਗਾਰ ਐਂਡ ਆਜੀਵਿਕਾ ਮਿਸ਼ਨ (ਗ੍ਰਾਮੀਣ) ਸਕੀਮ-2026' ਨੂੰ ਪੂਰੇ ਸੂਬੇ ਵਿੱਚ ਲਾਗੂ ਕਰ ਦਿੱਤਾ ਗਿਆ ਹੈ।

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅਸਤੀਫ਼ੇ ਦੀਆਂ ਮੰਗਾਂ ਅਤੇ ਲਗਾਏ ਗਏ ਦੋਸ਼ਾਂ ਦਾ ਦਿੱਤਾ ਸਪੱਸ਼ਟੀਕਰਨ

ਅੰਮ੍ਰਿਤਸਰ, 27 ਜੂਨ (ਆਵਾਜ਼ਿ ਕੌਮ ਬਿਊਰੋ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਆਪਣੇ ਅਸਤੀਫ਼ੇ ਦੀਆਂ ਮੰਗਾਂ ਅਤੇ ਵਿਰੋਧੀਆਂ ਵੱਲੋਂ ਉਨ੍ਹਾਂ 'ਤੇ ਲਗਾਏ ਗਏ ਦੋਸ਼ਾਂ ਸਬੰਧੀ ਸਪੱਸ਼ਟੀਕਰਨ ਜਾਰੀ ਕੀਤਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਵਿਰੁੱਧ ਦਾਅਵੇ



ਬੇਬੁਨਿਆਦ ਹਨ ਅਤੇ ਸਾਰੇ ਫੈਸਲੇ ਨਿਯਮਾਂ ਅਤੇ ਪਰੰਪਰਾਵਾਂ ਅਨੁਸਾਰ ਕੀਤੇ ਗਏ ਹਨ। ਧਾਮੀ ਨੇ ਮਾਮਲੇ ਨੂੰ ਬੇਲੋੜਾ ਨਾ ਵਧਾਉਣ ਅਤੇ ਸ਼ਾਂਤੀ ਅਤੇ ਸਦਭਾਵਨਾ ਬਣਾਈ ਰੱਖਣ ਦੀ ਅਪੀਲ ਕੀਤੀ। ਉਨ੍ਹਾਂ ਇਹ ਵੀ ਕਿਹਾ ਕਿ ਉਹ ਹੋਰ ਪ੍ਰਤੀਕਿਰਿਆ ਦੀ ਉਡੀਕ ਕਰ ਰਹੇ ਹਨ। ਇਸ ਤੋਂ ਪਹਿਲਾਂ, ਉਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਵਿਖੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਜਥੇਦਾਰ ਗਿਆਨੀ ਟੇਕ ਸਿੰਘ ਨਾਲ ਮੁਲਾਕਾਤ ਕੀਤੀ। ਮੀਟਿੰਗ ਦੌਰਾਨ ਉਨ੍ਹਾਂ ਦੁਹਰਾਇਆ ਕਿ ਉਨ੍ਹਾਂ ਦੇ ਅਸਤੀਫ਼ੇ ਬਾਰੇ ਅਫਵਾਹਾਂ ਝੂਠੀਆਂ ਹਨ। ਇਸ ਦੌਰਾਨ ਧਾਮੀ ਨੇ ਇਹ ਵੀ ਕਿਹਾ ਕਿ ਸੱਤ ਮੈਂਬਰੀ ਕਮੇਟੀ ਦੇ ਮਾਮਲੇ ਨੂੰ ਲੈ ਕੇ ਜੋ ਚਰਚਾਵਾਂ ਚੱਲ ਰਹੀਆਂ ਹਨ, ਉਸ ਬਾਰੇ ਉਹ ਜਲਦ ਹੀ ਹੋਰ ਖੁਲਾਸੇ ਕਰਨਗੇ। ਉਨ੍ਹਾਂ ਦੋਸ਼ ਲਗਾਇਆ ਕਿ ਕੁਝ ਮੀਡੀਆ ਰਿਪੋਰਟਾਂ ਗਲਤ ਤਰੀਕੇ ਨਾਲ ਪੇਸ਼ ਕੀਤੀਆਂ ਜਾ ਰਹੀਆਂ ਹਨ, ਜਦਕਿ ਹਕੀਕਤ ਇਹ ਹੈ ਕਿ ਉਨ੍ਹਾਂ ਵੱਲੋਂ ਕੋਈ ਵੀ ਅਵਗਿਆ ਨਹੀਂ ਹੋਈ। ਇਸ ਦੌਰਾਨ ਉਨ੍ਹਾਂ ਅਕਾਲ ਤਖ਼ਤ ਸਾਹਿਬ ਦੀ ਸਰਵੋਚਤਾ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਸਿੰਘ ਸਾਹਿਬਾਨ ਦੇ ਫੈਸਲੇ ਸਭ ਲਈ ਸਿਰਮੌਰ ਹਨ ਅਤੇ ਉਨ੍ਹਾਂ ਦਾ ਆਦਰ ਕਰਨਾ ਹਰ ਸਿੱਖ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਭਗਵੰਤ ਮਾਨ ਸਰਕਾਰ ਅਤੇ ਹੋਰ ਰਾਜਨੀਤਿਕ ਮਾਮਲਿਆਂ ਬਾਰੇ ਵੀ ਟਿੱਪਣੀ ਕਰਦੇ ਹੋਏ ਕਿਹਾ ਕਿ ਅਕਾਲ ਤਖ਼ਤ ਸਾਹਿਬ ਵੱਲੋਂ ਜਿਹੜੇ ਵੀ ਹੁਕਮ ਜਾਰੀ ਹੋਣਗੇ, ਉਨ੍ਹਾਂ ਨੂੰ ਪੰਥਕ ਰੂਪ ਵਿੱਚ ਅਮਲ ਕੀਤਾ ਜਾਵੇਗਾ। ਧਾਮੀ ਨੇ ਕਿਹਾ ਕਿ ਉਹ ਪਹਿਲਾਂ ਵੀ ਆਪਣਾ ਪੱਖ ਸਪਸ਼ਟ ਕਰ ਚੁੱਕੇ ਹਨ ਅਤੇ ਅੱਜ ਵੀ ਸਿੰਘ ਸਾਹਿਬਾਨ ਨੂੰ ਸਾਰੀ ਸਥਿਤੀ ਤੋਂ ਜਾਣੂ ਕਰਵਾ ਦਿੱਤਾ ਗਿਆ ਹੈ। ਹੁਣ ਫੈਸਲਾ ਅਕਾਲ ਤਖ਼ਤ ਸਾਹਿਬ ਦੀ ਮਰਜ਼ੀ ਅਨੁਸਾਰ ਹੀ ਹੋਵੇਗਾ।

"੧ੴ ਸਤਿਗੁਰ ਪ੍ਰਸਾਦਿ ॥"

# ਖੇੜਾਂ ਸਲੇਮ ਪੁਰ ਮਸੰਦਾ ਦੀਆਂ

## ਧੰਨ-ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਚਰਨ ਸੇਵਕ

# ਬਾਬਾ ਦਾਸਾ ਜੀ ਦੇ ਸਾਲਾਨਾ ਜੋੜ ਮੇਲੇ ਤੇ

# 72ਵਾਂ ਸ਼ਾਨਦਾਰ ਵਾਲੀਵਾਲ ਅਤੇ ਕਬੱਡੀ ਟੂਰਨਾਂਮੈਂਟ

## 24-6-2026 ਤੋਂ 28-6-2026 ਤੱਕ ਪਿੰਡ ਸਲੇਮਪੁਰ-ਮਸੰਦਾ ਵਿਖੇ ਕਰਵਾਇਆ ਜਾ ਰਿਹਾ ਹੈ ।

ਆਪ ਜੀ ਨੂੰ ਇਹ ਜਾਣ ਕੇ ਖੁਸ਼ੀ ਹੋਵੇਗੀ ਪਿੰਡ ਸਲੇਮਪੁਰ-ਮਸੰਦਾ ਵਿਖੇ ਪਿਛਲੇ ਸਾਲਾ ਦੀ ਤਰ੍ਹਾਂ ਕਬੱਡੀ ਅਤੇ ਵਾਲੀਵਾਲ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ । ਜਿਹੜਾ 24-6-2026 ਤੋਂ 28-6-2026 ਦਿਨ ਬੁੱਧਵਾਰ, ਵੀਰਵਾਰ, ਸ਼ੁੱਕਰਵਾਰ, ਸ਼ਨੀਵਾਰ ਅਤੇ ਐਤਵਾਰ ਨੂੰ ਹੋ ਰਿਹਾ ਹੈ । ਸਾਰੇ ਇਲਾਕੇ ਦੇ ਖਿਡਾਰੀਆਂ ਅੱਗੇ ਅਪੀਲ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਟੀਮਾਂ ਭੇਜ ਕੇ ਮੇਲੇ ਦੀ ਰੌਣਕ ਨੂੰ ਵਧਾਓ ਜੀ ।

## ਪ੍ਰੋਗਰਾਮ

**ਦਿਨ ਸ਼ਨੀਵਾਰ 27 ਜੂਨ 2026 ਮੁਤਾਬਿਕ 13 ਹਾੜ**

ਆਰੰਭ ਸ੍ਰੀ ਅਖੰਡ ਪਾਠ ਸਾਹਿਬ..........10.00 ਵਜੇ ਸਵੇਰੇ

**ਦਿਨ ਸੋਮਵਾਰ 29 ਜੂਨ 2026 ਮੁਤਾਬਿਕ 15 ਹਾੜ**

ਭੋਗ ਸ੍ਰੀ ਅਖੰਡ ਪਾਠ ਸਾਹਿਬ..........9.00 ਵਜੇ ਸਵੇਰੇ ਉਪਰੰਤ 3 ਵਜੇ ਤੱਕ ਦਿਵਾਨ ਸਜੇਗਾ ।

ਆਵਾਜ਼ਿ ਕੌਮ AWAZE QAUM International Newspaper & WEB TV

**ਇਸ ਸ਼ੁਭ ਅਵਸਰ ਤੇ ਢਾਡੀ ਜੱਥਾ ਮੇਜਰ ਸਿੰਘ ਹੀਰਾ , ਢਾਡੀ ਜੱਥਾ ਸੁਖਵਿੰਦਰ ਸਿੰਘ ਅਨਮੋਲ ਸੰਗਤਾਂ ਨੂੰ ਨਿਹਾਲ ਕਰਨਗੇ ।**

27-28 ਜੂਨ ਸ਼ਾਮ 7-00 ਵਜੇ ਤੋਂ 9-00 ਵਜੇ ਤੱਕ ਭਾਈ ਸੁਲੱਖਣ ਸਿੰਘ ਮਾਡੀਵਾੜਾ ਸਾਹਿਬ ਵਾਲੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ ।
ਸਲੇਮਪੁਰ ਤੇ ਪਰਾਗਪੁਰ ਵਾਲੀਆਂ ਬੀਬੀਆਂ ਦਾ ਜੱਥਾ 24 ਜੂਨ ਤੋਂ 28 ਜੂਨ ਤੱਕ ਸਵੇਰੇ 6-00 ਵਜੇ ਤੋਂ 8-00 ਵਜੇ ਤੱਕ ਸੁਖਮਨੀ ਸਾਹਿਬ ਦੇ ਜਾਪ ਕਰਨਗੇ ।

## ਇਸ ਟੂਰਨਾਂਮੈਂਟ ਵਿਚ ਹੇਠ ਲਿਖੀਆਂ ਖੇਡਾਂ ਹੋਣਗੀਆਂ

### ਕਬੱਡੀ ਮੁਕਾਬਲੇ

| | ਐਂਟਰੀ | ਪਹਿਲਾਂ ਇਨਾਮ | ਦੂਸਰਾ ਇਨਾਮ |
|---|---|---|---|
| ਸੱਦੀਆ ਹੋਇਆ 8 ਕਲੱਬਾ | 28 ਜੂਨ 1 ਵਜੇ ਤੋਂ | 111000/- | 81000/- |
| 75 ਕਿਲੋ ਕਲੱਬ | 27 ਜੂਨ 12 ਵਜੇ ਤੱਕ | 55000/- | 45000/- |
| 65 ਕਿਲੋ | 27 ਜੂਨ 8 ਵਜੇ ਤੱਕ | 45000/- | 35000/- |
| 55 ਕਿਲੋ | 26 ਜੂਨ 8 ਵਜੇ ਤੱਕ | 30000/- | 25000/- |
| 45 ਕਿਲੋ | 25 ਜੂਨ 8 ਵਜੇ ਤੱਕ | 20000/- | 15000/- |

27 ਜੂਨ ਨੂੰ 75 ਕਿਲੋ ਕਬੱਡੀ ਦਾ ਇੱਕ ਰਾਊਂਡ ਖਡਾਇਆ ਜਾਵੇਗਾ ।

ਨੋਟ-ਹਰੇਕ ਟੀਮ ਵਿੱਚ 2 ਖਿਡਾਰੀ ਬਾਹਰਲੇ ਖੇਡ ਸਕਦੇ ਹਨ ।

### ਵਾਲੀਵਾਲ ਮੁਕਾਬਲੇ

ਓਪਨ ਪਿੰਡ ਪੱਧਰ 28 ਜੂਨ

| ਪਹਿਲਾਂ ਇਨਾਮ | ਦੂਜਾ ਇਨਾਮ | ਤੀਜਾ ਇਨਾਮ | ਚੌਥਾ ਇਨਾਮ |
|---|---|---|---|
| 41000/- | 31000/- | 15000/- | 10000/- |

ਨੋਟ-2 ਖਿਡਾਰੀ ਬਾਹਰਲੇ ਖੇਡ ਸਕਦੇ ਹਨ ।

12 ਵਜੇ ਤੋਂ ਬਾਅਦ ਕੋਈ ਵੀ ਟੀਮ ਐਂਟਰ ਨਹੀਂ ਕੀਤੀ ਜਾਵੇਗੀ । ਪਹਿਲੀਆ 16 ਟੀਮਾਂ ਐਂਟਰ ਕੀਤੀਆ ਜਾਣਗੀਆ ।

ਮਿਤੀ 29 ਜੂਨ 2026 ਦਿਨ ਸੋਮਵਾਰ ਨੂੰ ਕੁਸ਼ਤੀਆਂ ਦੇ ਮੁਕਾਬਲੇ ਸ਼ਾਮ 4 ਵਜੇ ਕਰਵਾਏ ਜਾਣਗੇ । ਪੱਟਕੇ ਦੀ ਕੁਸ਼ਤੀ ਗਗਨ ਖਾਲਸਾ ਅਤੇ ਇਕਬਾਲ ਇਕਾਲ ਵਿਚ ਹੋਵੇਗੀ । ਛੋਟੇ ਛੋਟੇ ਅਖਾੜਿਆ ਦੀਆਂ ਕੁਸ਼ਤੀਆ ਕਰਵਾਇਆ ਜਾਣਗੀਆ ।



ਓਪਨ ਕਲੱਬ ਕਬੱਡੀ ਦੇ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਇਕਲ ਦਿੱਤੇ ਜਾਣਗੇ ।



75 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਇਕਲ ਦਿੱਤੇ ਜਾਣਗੇ ।



65 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਇਕਲ ਦਿੱਤੇ ਜਾਣਗੇ ।

55 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ 11000- 11000 ਹਜ਼ਾਰ ਰੁਪਏ ਦਿੱਤੇ ਜਾਣਗੇ । 45 ਕਿਲੋ ਬੈਸਟ ਰੇਡਰ ਤੇ ਜਾਫੀ ਨੂੰ 5100-5100 ਰੁਪਏ ਦਿੱਤੇ ਜਾਣਗੇ ।



24 ਜੂਨ ਦਿੱਨ ਬੁੱਧਵਾਰ ਦਸਤਾਰ ਮੁਕਾਬਲੇ 10 ਵਜੇ ਕਰਵਾਏ ਜਾਣਗੇ । ਉਮਰ 15 ਸਾਲ ਤੱਕ ਪਹਿਲਾ ਇਨਾਮ-5100, ਦੂਸਰਾ ਇਨਾਮ-4100, ਤੀਸਰਾ ਇਨਾਮ-3100 ਰੁਪਏ ਦਿੱਤੇ ਜਾਣਗੇ । ਉਮਰ 21 ਸਾਲ ਤੱਕ ਪਹਿਲਾ ਇਨਾਮ-7100, ਦੂਸਰਾ ਇਨਾਮ-6100 ਰੁਪਏ ਦਿੱਤੇ ਜਾਣਗੇ ।





24 ਜੂਨ ਦਿੱਨ ਬੁੱਧਵਾਰ ਨੂੰ ਦੁਪਹਿਰ 2 ਵਜੇ ਬਲਦਾ ਦੇ ਹੱਲਟ ਮੁਕਾਬਲੇ ਕਰਵਾਏ ਜਾਣਗੇ । ਪਹਿਲਾ ਇਨਾਮ- ਦੂਸਰਾ ਇਨਾਮ-20000, ਤੀਜਾ ਇਨਾਮ-15000, ਚੌਥਾ ਇਨਾਮ-11000, ਪੰਜਵਾ ਇਨਾਮ -10000 ਰੁਪਏ ਹਰੇਕ ਦੌੜਣ ਵਾਲੀ ਜੋੜੀ ਨੂੰ 3100-3100 ਰੁਪਏ ਦਿੱਤੇ ਜਾਣਗੇ ।



ਬੈਸਟ ਵਾਲੀਵਾਲ ਖਿਡਾਰੀ ਫਾਈਨਲ 11000 ਰੁਪਏ ਤੀਜੇ ਤੇ ਚੌਥੇ ਵਿਚੋ ਬੈਸਟ 5100 ਰੁਪਏ


### ਜੌਹਲ ਹਸਪਤਾਲ

ਵਲੋਂ ਖਿਡਾਰੀਆ ਅਤੇ ਬਾਹਰੋ ਆਏ ਦਰਸ਼ਕਾ ਨੂੰ ਫਰੀ ਮੈਡੀਕਲ ਸਹਾਇਤਾ ਦਿੱਤੀ ਜਾਵੇਗੀ ।

**ਗੁਰੂ ਕਾ ਲੰਗਰ ਅਟੁੱਟ ਵਰਤੇਗਾ ।**

**ਨੋਟ : ਇਹ ਕਬੱਡੀ ਟੂਰਨਾਮੈਂਟ ਗੁਰਦੁਆਰਾ ਬਾਬਾ ਦਾਸਾ ਜੀ ਦੇ ਅਸਥਾਨ ਦੇ ਨਜ਼ਦੀਕ ਕਰਵਾਇਆ ਜਾਵੇਗਾ ।**

ਜ਼ਰੂਰੀ ਸ਼ਰਤਾ : 1. ਕੋਈ ਵੀ ਖਿਡਾਰੀ ਤੇਲ ਅਤੇ ਵੈਸਲੀਨ ਵਗੈਰਾ ਸਰੀਰ ਉੱਤੇ ਲਾਕੇ ਨਹੀਂ ਖੇਡ ਸਕਦਾ । 2. ਪੰਜ ਖਿਡਾਰੀਆ ਤੋਂ ਘੱਟ ਖਿਡਾਰੀ ਹੋਣ ਦੀ ਸੂਰਤ ਵਿੱਚ ਨੰਬਰ ਵਿਰੋਧੀ ਟੀਮ ਨੂੰ ਦਿੱਤੇ ਜਾਣਗੇ । 3. ਹਰੇਕ ਟੀਮ ਦਾ ਭਾਰ ਇਕ ਵਾਰੀ ਤੋਲਿਆ ਜਾਵੇਗਾ ਤੇ ਜੇ ਕੋਈ ਟੀਮ ਇਤਰਾਜ਼ ਕਰਦੀ ਹੈ ਤਾਂ ਖਿਡਾਰੀ ਦਾ ਭਾਰ ਦੁਆਰਾ ਤੋਲਿਆ ਜਾਵੇਗਾ । 4. ਜਿਹੜੀਆ ਵੀ ਟੀਮਾਂ ਆਪਸ ਵਿੱਚ ਰਲ ਕੇ ਖੇਡਣਗੀਆਂ ਉਹਨਾਂ ਨੂੰ ਟੂਰਨਾਮੈਂਟ ਵਿਚੋ ਬਾਹਰ ਕੱਢ ਦਿੱਤਾ ਜਾਵੇਗਾ । 5. ਹਰੇਕ ਖਿਡਾਰੀ ਆਪਣੇ 2 ਪਛਾਣ ਪੱਤਰ ਨਾਲ ਲੈਕੇ ਆਵੇ । 6. ਕੋਈ ਵੀ ਖਿਡਾਰੀ ਨਸ਼ਾ ਕਰਕੇ ਨਹੀਂ ਖੇਡ ਸਕਦਾ । 7. ਬਾਕੀ ਸ਼ਰਤਾਂ ਮੌਕੇ ਤੇ ਦੱਸੀਆਂ ਜਾਣਗੀਆ । 8. ਕਿਸੇ ਵੀ ਕਿਸਮ ਦੇ ਝਗੜਾ ਜਾਂ ਇਤਰਾਜ਼ ਤੇ ਆਖਰੀ ਫੈਸਲਾ ਬਾਬਾ ਦਾਸਾ ਜੀ ਮੈਨੇਜਮੈਂਟ ਕਮੇਟੀ ਦਾ ਹੋਵੇਗਾ । 9. ਕਬੱਡੀ ਦੇ ਬੈਸਟ ਖਿਡਾਰੀ ਸੈਮੀ ਫਾਈਨਲ ਅਤੇ ਫਾਈਨਲ ਵਿੱਚੋਂ ਕੱਢੇ ਜਾਣਗੇ ।



**ਰੱਸਾ-ਕੱਸੀ ਕਲੱਬ**
ਮਿਤੀ 28-6-2026
ਇਨਾਮ 20000, 15000 ਰੁਪਏ

ਲਾਈਵ ਮੇਲਾ ਮਿਤੀ 26-27-28-29 ਜੂਨ 2026 ਨੂੰ malwatv ਵਿਖਾਏ ਜਾਣਗੇ ।


**ਵੱਲੋਂ : ਬਾਬਾ ਦਾਸਾ ਜੀ ਪ੍ਰਬੰਧਕ ਕਮੇਟੀ, (ਰਜਿ.) ਗ੍ਰਾਮ ਪੰਚਾਇਤ, ਐਨ. ਆਰ. ਆਈ. ਵੀਰ ਅਤੇ ਭੈਣਾ, ਸਮੂਹ ਸਾਧ ਸੰਗਤ ਸਲੇਮਪੁਰ ਮਸੰਦਾਂ (ਜਲੰਧਰ)**

**ਪਿੰਡ ਸਲੇਮਪੁਰ ਮਸੰਦਾਂ ਜੀ.ਟੀ. ਰੋਡ, ਪਰਾਗਪੁਰ ਤੋਂ ਚੜ੍ਹਦੇ ਵੱਲ 1 ਕਿ. ਮੀ. ਦੀ ਦੂਰੀ ਤੇ ਦੱਖਣ ਵੱਲ ਹੈ ।**

**ਧੰਨ ਧੰਨ ਬਾਬਾ ਦਾਸਾ ਜੀ ਦੇ 72 ਵੇ ਸਲਾਨਾ ਜੋੜ ਮੇਲੇ ਦੇ ਸਬੰਧ ਵਿਚ ਕਬੱਡੀ ਬਲਦਾ ਦੀਆ ਹਲਟ ਦੋੜਾ ਵਾਲੀਵਾਲ ਰੱਸਾਕੱਸੀ ਦਸਤਾਰ ਮੁਕਾਬਲੇ ਕੁਸ਼ਤੀਆ ਦੇ ਮੁਕਾਬਲੇ ਕਰਵਾਏ ਜਾਣਗੇ**

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net

---

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਦਮਦਮੀ ਟਕਸਾਲ

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net

---

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

**ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ**



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

**1 ਨਵੰਬਰ 2026, ਦਿਨ ਐਤਵਾਰ ਨੂੰ**

**ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ**

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ –20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ –1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ–ਢਾਡੀ–ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ **ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137**

**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ**

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ ਕੌਮ
AWAZE QAUM
International Newspaper & WEB TV


ਸਿੱਖ ਪੰਥ ਦੇ ਮਹਾਨ ਵਿਦਵਾਨ
ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਜੀ
ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ
ਪ੍ਰਚਾਰ ਦੌਰੇ ਤੇ ਅਮਰੀਕਾ ਵਿਖੇ ਪਹੁੰਚ ਰਹੇ ਹਨ।
24 ਜੂਨ – 21 ਜੁਲਾਈ 2026
ਨਿਊ ਯਾਰਕ
ਨਿਊ ਜਰਸੀ
ਫਿਲਾਡੈਲਫੀਆ
ਇੰਡੀਆਨਾ
ਰਿਵਰਸਾਈਡ
ਬੇਕਰਸਫੀਲਡ
ਫਰਿਜ਼ਨੋ
ਟਰੇਸੀ
ਆਵਾਜ਼ਿ ਕੌਮ
AWAZE QAUM
International Newspaper & WEB TV
ਵਧੇਰੇ ਜ਼ਾਣਕਾਰੀ ਲਈ ਸੰਪਰਕ ਕਰੋ:
+1 209 740 1731 | +1 209 624 6549 | +1 209 624 91




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਇੱਕ ਨਜ਼ਰ...



### ਰਾਸ਼ਟਰੀ ਸਫਾਈ ਕਰਮਚਾਰੀ ਕਮਿਸ਼ਨ ਭਾਰਤ ਸਰਕਾਰ ਦੇ ਉਪ ਚੇਅਰਮੈਨ ਹਰਦੀਪ ਸਿੰਘ ਗਿੱਲ ਨੇ ਬਾਬਾ ਸੁੱਖਾ ਸਿੰਘ ਜੀ ਜੋਤੀਸਰ ਵਾਲਿਆਂ ਨਾਲ ਕੀਤਾ ਦੁੱਖ ਸਾਂਝਾ

### ਸਭ ਤੋਂ ਵੱਡਾ ਨਾ ਸਹਿਣਯੋਗ ਦੁੱਖ ਉਦੋਂ ਮਹਿਸੂਸ ਹੁੰਦਾ ਜਦੋਂ ਮਾਪਿਆ ਦੇ ਮੋਢਿਆਂ ਤੇ ਬੱਚੇ ਦੀ ਅਰਥੀ ਜਾਂਦੀ ਹਰਦੀਪ ਸਿੰਘ ਗਿੱਲ

ਜੰਡਿਆਲਾ ਗੁਰੂ, 27 ਜੂਨ ( ਕੁਲਵੰਤ ਸਿੰਘ ਵਿਰਦੀ )- ਬੀਤੇ ਦਿਨ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸਿਮਲਾ ਹਿਮਾਚਲ ਪ੍ਰਦੇਸ਼ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਦੇ ਭਰਾਤਾ ਰਾਜਵਿੰਦਰ ਸਿੰਘ ਰਾਜੂ ਇਸ ਫਾਨੀ ਸੰਸਾਰ ਨੂੰ ਛੱਡ ਕਿ ਆਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ ਰਾਜਵਿੰਦਰ ਸਿੰਘ ਰਾਜੂ ਦੀ ਮੌਤ ਦੀ ਖਬਰ ਸੁਣਦਿਆਂ ਹੀ ਵੱਖ-ਵੱਖ ਰਾਜਨੀਤਿਕ ਧਾਰਮਿਕ ਸਖਸੀਅਤਾਂ ਵੱਲੋਂ ਬਾਬਾ ਸੁੱਖਾ ਸਿੰਘ ਜੀ ਨਾਲ ਦੁੱਖ ਸਾਂਝਾ ਕੀਤਾ ਗਿਆ ! ਜਿਸ ਦੇ ਚੱਲਦਿਆਂ ਬੀਤੇ ਦਿਨ ਰਾਸ਼ਟਰੀ ਸਫਾਈ ਕਰਮਚਾਰੀ ਕਮਿਸ਼ਨ ਭਾਰਤ ਸਰਕਾਰ ਦੇ ਉਪ ਚੇਅਰਮੈਨ ਹਰਦੀਪ ਸਿੰਘ ਗਿੱਲ ਤੇ ਉਨਾਂ ਦੇ ਨਾਲ ਜ਼ਿਲ੍ਹਾ ਜਨਰਲ ਸਕੱਤਰ ਸਰਬਜੀਤ ਸਿੰਘ ਸੰਧੂ, ਮੰਡਲ ਯੂਥ ਪ੍ਰਧਾਨ ਗੁਰਦਿੱਤ ਸਿੰਘ ਵੱਲੋਂ ਬਾਬਾ ਸੁੱਖਾ ਸਿੰਘ ਜੀ ਨਾਲ ਦੁੱਖ ਸਾਂਝਾ ਕੀਤਾ ਗਿਆ ! ਇਸ ਮੌਕੇ ਤੇ ਗੱਲਬਾਤ ਦੌਰਾਨ ਸ੍ਰ: ਹਰਦੀਪ ਸਿੰਘ ਗਿੱਲ ਨੇ ਕਿਹਾ ਕਿ ਪ੍ਰਮਾਤਮਾ ਦੇ ਹੁਕਮ ਅਨੁਸਾਰ ਸਭ ਨੇ ਸੰਸਾਰ ਵਿੱਚੋਂ ਜਾਣਾ ਪਰ ਕੁਝ ਐਸੀਆਂ ਘਟਨਾਵਾਂ ਤੇ ਅਣਹੋਣੀਆਂ ਵਾਪਰ ਜਾਦੀਆਂ ਹਨ ਜਿਸ ਦਾ ਅੰਦਾਜਾ ਮਨੁੱਖ ਨਹੀਂ ਲਗਾ ਸਕਦਾ ਅਤੇ ਐਸੇ ਦੁੱਖ ਉਸ ਵਕਤ ਬਹੁਤ ਵੱਡੇ ਦੁੱਖ ਬਣ ਕਿ ਮਹਿਸੂਸ ਹੁੰਦੇ ਹਨ ਜਦੋਂ ਛੋਟੀ ਉਮਰ ਵਿੱਚ ਬੱਚੇ ਮਾਪਿਆਂ ਨੂੰ ਛੱਡ ਕਿ ਜਾਂਦੇ ਹਨ ਅਤੇ ਉਨਾਂ ਬੱਚਿਆਂ ਨੂੰ ਮਾਪੇ ਮੋਢਾ ਦਿੰਦੇ ਹਨ ਅਤੇ ਆਪਣੇ ਹੱਥੀਂ ਪਾਲੇ ਬੱਚੇ ਨੂੰ ਅਗਨਭੇਟ ਕਰਦੇ ਹਨ ਅਤੇ ਉਮਰ ਭਰ ਮਾਪਿਆਂ ਨੂੰ ਯਾਦਾਂ ਦੇ ਸਹਾਰੇ ਜਿੰਦਗੀ ਬਤੀਤ ਕਰਨੀ ਪੈਂਦੀ ਹੈ ਬੀਤੇ ਦਿਨ ਜਦੋਂ ਪਤਾ ਚੱਲਿਆ ਕਿ ਬਾਬਾ ਸੁੱਖਾ ਸਿੰਘ ਜੀ ਦੇ ਛੋਟੇ ਭਰਾ ਦੀ ਇਕ ਸੜਕ ਹਾਦਸੇ ਵਿੱਚ ਮੌਤ ਹੋ ਗਈ ਹੈ ਤਾਂ ਬਹੁਤ ਦੁੱਖ ਲੱਗਾ ਪਰ ਰੁਝੇਵਿਆਂ ਕਾਰਨ ਮੈਂ ਪੰਜਾਬ ਤੋਂ ਬਾਹਰ ਗਿਆ ਹੋਇਆ ਸੀ ਅਤੇ ਅੱਜ ਬਾਬਾ ਸੁੱਖਾ ਸਿੰਘ ਜੀ ਨਾਲ ਮੁਲਾਕਾਤ ਕਰਕੇ ਦੁੱਖ ਸਾਂਝਾ ਕੀਤਾ ਗਿਆ ਅਤੇ ਪ੍ਰਮਾਤਮਾ ਦੇ ਚਰਨਾਂ ਵਿੱਚ ਅਰਦਾਸ ਕਰਦੇ ਹਾਂ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸਣ ਅਤੇ ਸਮੂਹ ਪ੍ਰੀਵਾਰ ਸਾਕ ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਬਖਸਣ !

### ਹਰਮੀਤ ਸਿੰਘ ਕਾਲਕਾ ਵੱਲੋਂ ਡੀਐਸਜੀਐਮਸੀ ਮੈਂਬਰ ਸੁਖਵਿੰਦਰ ਸਿੰਘ ਬੱਬਰ ਨੂੰ ਜਨਮ ਦਿਨ ਤੇ ਮੁਬਾਰਕਾਂ



ਨਵੀਂ ਦਿੱਲੀ 27 ਜੂਨ (ਆਵਾਜ਼ਿ ਕੌਮ ਬਿਊਰੋ)- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਰਦਾਰ ਸੁਖਵਿੰਦਰ ਸਿੰਘ ਬੱਬਰ ਨੂੰ ਉਨ੍ਹਾਂ ਦੇ ਜਨਮ ਦਿਨ ਮੌਕੇ ਦਿਲੋਂ ਵਧਾਈ ਅਤੇ ਸ਼ੁਭਕਾਮਨਾਵਾਂ ਭੇਟ ਕੀਤੀਆਂ। ਸਰਦਾਰ ਕਾਲਕਾ ਨੇ ਕਿਹਾ ਕਿ ਸਰਦਾਰ ਸੁਖਵਿੰਦਰ ਸਿੰਘ ਬੱਬਰ ਸਿੱਖ ਪੰਥ ਅਤੇ ਸਮਾਜ ਦੀ ਨਿਸ਼ਕਾਮ ਸੇਵਾ ਲਈ ਹਮੇਸ਼ਾ ਸਮਰਪਿਤ ਰਹੇ ਹਨ। ਉਨ੍ਹਾਂ ਵਾਹਿਗੁਰੂ ਅੱਗੇ ਅਰਦਾਸ ਕੀਤੀ ਕਿ ਗੁਰੂ ਸਾਹਿਬ ਸਰਦਾਰ ਸੁਖਵਿੰਦਰ ਸਿੰਘ ਬੱਬਰ ਨੂੰ ਚੰਗੀ ਸਿਹਤ, ਲੰਬੀ ਉਮਰ, ਤੰਦਰੁਸਤੀ ਅਤੇ ਹਰ ਖੇਤਰ ਵਿੱਚ ਸਫ਼ਲਤਾ ਅਤੇ ਚੜ੍ਹਦੀ ਕਲਾ ਬਖਸ਼ਣ। ਉਹ ਸਦਾ ਗੁਰੂ ਦੀ ਮੇਹਰ ਸਦਕਾ ਚੜ੍ਹਦੀ ਕਲਾ ਵਿੱਚ ਰਹਿਣ ਅਤੇ ਪੰਥ ਤੇ ਸਮਾਜ ਦੀ ਸੇਵਾ ਇਸੇ ਤਰ੍ਹਾਂ ਨਿਭਾਉਂਦੇ ਰਹਿਣ। ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਮੂਹ ਪਰਿਵਾਰ ਸਰਦਾਰ ਸੁਖਵਿੰਦਰ ਸਿੰਘ ਬੱਬਰ ਨੂੰ ਜਨਮ ਦਿਨ ਦੀਆਂ ਹਾਰਦਿਕ ਵਧਾਈਆਂ ਦਿੰਦਾ ਹੈ ਅਤੇ ਉਨ੍ਹਾਂ ਦੇ ਸੁਖਮਈ, ਖੁਸ਼ਹਾਲ ਅਤੇ ਉਜਵਲ ਭਵਿੱਖ ਲਈ ਸ਼ੁਭ ਕਾਮਨਾਵਾਂ ਪ੍ਰਗਟ ਕਰਦਾ ਹੈ।

### ਵਾਈਸ ਚੇਅਰਮੈਨ ਢਢੋਗਲ ਨੂੰ ਸਦਮਾ ਪਿਤਾ ਦਾ ਦੇਹਾਂਤ, ਆਗੂਆਂ ਵੱਲੋਂ ਦੁੱਖ ਦਾ ਪ੍ਰਗਟਾਵਾ

ਧੂਰੀ, 27 ਜੂਨ ( ਰਣਜੀਤ ਸਿੰਘ ਪੇਧਨੀ)- ਬਲਾਕ ਸੰਮਤੀ ਧੂਰੀ ਦੇ ਵਾਈਸ ਚੇਅਰਮੈਨ ਸਤਨਾਮ ਸਿੰਘ ਢਢੋਗਲ ਨੂੰ ਉਸ ਸਮੇਂ ਗਹਿਰਾ ਸਦਮਾ ਪੁੱਜਾ ਜਦੋਂ ਉਹਨਾਂ ਦੇ ਸਤਿਕਾਰਯੋਗ ਪਿਤਾ ਸ੍ਰ ਲਾਲ ਸਿੰਘ ਢਢੋਗਲ ਅਚਾਨਕ ਪਰਿਵਾਰ ਨੂੰ ਸਦੀਵੀਂ ਵਿਛੋੜਾ ਦੇ ਗਏ ਹਨ। ਪਰਿਵਾਰ ਨਾਲ ਇਸ ਦੁੱਖ ਦੀ ਘੜੀ ਵਿੱਚ ਦੁੱਖ ਦਾ ਪ੍ਰਗਟਾਵਾ ਕਰਨ ਵਾਲਿਆਂ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ, ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਚੇਅਰਮੈਨ ਦਲਵੀਰ ਸਿੰਘ ਢਿੱਲੋ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਜਸਵੀਰ ਸਿੰਘ ਜੱਸੀ ਸੇਖੋਂ ਮੈਂਬਰ ਫੂਡ ਕਮਿਸ਼ਨ ਪੰਜਾਬ, ਅਮਰਦੀਪ ਸਿੰਘ ਧਾਂਦਰਾ ਮੈਂਬਰ ਬਲਾਕ ਸੰਮਤੀ, ਚੇਅਰਮੈਨ ਰਣਯੋਧ ਸਿੰਘ ਕਾਂਝਲਾ, ਚੇਅਰਮੈਨ ਰਛਪਾਲ ਸਿੰਘ ਭੁੱਲਰ, ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ, ਗਗਨ ਜਵੰਦਾ ਪ੍ਰਧਾਨ ਟਰੱਕ ਯੂਨੀਅਨ ਧੂਰੀ, ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਖੰਗੂੜਾ, ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ, ਸ਼ੁਭਮ ਸ਼ਰਮਾ ਧੂਰੀ ਪ੍ਰਧਾਨ ਪੰਜਾਬ ਯੂਥ ਕਾਂਗਰਸ, ਸਰਪੰਚ ਹਰਦੀਪ ਸਿੰਘ ਦੌਲਤਪੁਰ, ਨਰਿੰਦਰ ਸਿੰਘ ਕਾਲਾਬੂਲਾ, ਸਾਧੂ ਸਿੰਘ ਪੇਧਨੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਸਰਪੰਚ ਦਵਿੰਦਰ ਸਿੰਘ ਧੂਰਾ, ਸਰਪੰਚ ਲਾਲੀ ਬੰਗਾਵਾਲੀ, ਸਰਪੰਚ ਹਰਪਰੀਤ ਸਿੰਘ ਖੇੜੀ ਜੱਟਾਂ, ਸਰਪੰਚ ਅਮਰੀਕ ਸਿੰਘ ਕਿਲਾ, ਸਰਪੰਚ ਸੁਖਚੈਨ ਸਿੰਘ ਮੂਲੋਵਾਲ, ਸਰਪੰਚ ਜਗਸੀਰ ਸਿੰਘ ਜੱਗਾ ਭੋਜੋਵਾਲੀ, ਸਰਪੰਚ ਭਗਵਾਨ ਸਿੰਘ ਭਲਵਾਨ, ਸਰਪੰਚ ਰਾਜੂ ਬਰੜਵਾਲ, ਆਪ ਆਗੂ ਸੁਖਦੀਪ ਸਿੰਘ ਚੀਮਾ, ਸਰਪੰਚ ਗੋਗਾ ਦੁਗਨੀ, ਆਪ ਆਗੂ ਭਰਭੂਰ ਸਿੰਘ ਢਢੋਗਲ, ਆਪ ਆਗੂ ਅਵਤਾਰ ਸਿੰਘ ਤਾਰੀ ਭਸੌੜ, ਆਤਮਾ ਸਿੰਘ ਢਢੋਗਲ, ਭਿੰਦਾ ਵਿਰਕ, ਮਾਣਾ ਗਰੇਵਾਲ, ਪੱਤਰਕਾਰ ਰਣਜੀਤ ਸਿੰਘ ਪੇਧਨੀ ਆਦਿ ਆਗੂਆਂ ਨੇ ਜਿੱਥੇ ਪਰਿਵਾਰ ਦੇ ਨਾਲ ਦੁੱਖ ਸਾਂਝਾ ਕੀਤਾ, ਉੱਥੇ ਹੀ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਪਰਮਾਤਮਾ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸੇ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।



# ਤਖ਼ਤ ਸ੍ਰੀ ਹਜ਼ੂਰ ਸਾਹਿਬ ਦੀ ਧਾਰਮਿਕ ਖ਼ੁਦਮੁਖਤਿਆਰੀ 'ਤੇ ਕਿਸੇ ਵੀ ਸਰਕਾਰੀ ਦਖ਼ਲ ਨੂੰ ਸਿੱਖ ਪੰਥ ਕਦੇ ਬਰਦਾਸ਼ਤ ਨਹੀਂ ਕਰੇਗਾ: ਅਖੰਡ ਕੀਰਤਨੀ ਜਥਾ

## ਗੁਰੂ ਸਾਹਿਬਾਨ ਅਤੇ ਸ਼ਹੀਦਾਂ ਦੀ ਅਮਾਨਤ ਦੀ ਰਾਖੀ ਲਈ ਹਰ ਕੁਰਬਾਨੀ ਦੇਣ ਨੂੰ ਤਿਆਰ ਹੈ ਸਿੱਖ ਪੰਥ

ਨਵੀਂ ਦਿੱਲੀ, 27 ਜੂਨ (ਮਨਪ੍ਰੀਤ ਸਿੰਘ ਖਾਲਸਾ): ਅਖੰਡ ਕੀਰਤਨੀ ਜਥਾ ਦੀ ਪੰਜ ਮੈਂਬਰੀ ਕਮੇਟੀ ਦੇ ਮੈਂਬਰ ਭਾਈ ਅਵਤਾਰ ਸਿੰਘ ਮਲੀਆ ਵੱਲੋਂ ਜਾਰੀ ਬਿਆਨ ਵਿੱਚ ਕਿਹਾ ਗਿਆ ਹੈ ਕਿ ਮਹਾਰਾਸ਼ਟਰ ਸਰਕਾਰ ਵੱਲੋਂ ਤਖ਼ਤ ਸ੍ਰੀ ਸੱਚਖੰਡ ਸ੍ਰੀ ਹਜ਼ੂਰ ਅਬਚਲਨਗਰ ਸਾਹਿਬ ਦੇ ਪ੍ਰਬੰਧ ਨਾਲ ਸੰਬੰਧਿਤ 1956 ਦੇ ਐਕਟ ਨੂੰ ਰੱਦ ਕਰਕੇ ਨਵਾਂ ਕਾਨੂੰਨ ਲਿਆਉਣ ਦੀਆਂ ਸਾਹਮਣੇ ਆ ਰਹੀਆਂ ਖ਼ਬਰਾਂ ਸਿੱਖਾਂ ਦੇ ਧਾਰਮਿਕ ਅਦਾਰਿਆਂ ਦੀ ਖ਼ੁਦਮੁਖਤਿਆਰੀ ਵਿੱਚ ਸਰਕਾਰੀ ਦਖ਼ਲ ਦੀ ਕੋਸ਼ਿਸ਼ ਨੂੰ ਸਪੱਸ਼ਟ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਇੱਕ ਕਾਨੂੰਨੀ ਤਬਦੀਲੀ ਨਹੀਂ, ਸਗੋਂ ਸਿੱਖ ਪੰਥ ਦੀ ਮਰਿਆਦਾ, ਰਵਾਇਤ ਅਤੇ ਧਾਰਮਿਕ ਅਧਿਕਾਰਾਂ ਨੂੰ ਚੁਣੌਤੀ ਦੇਣ ਵਾਲਾ ਕਦਮ ਹੈ। ਉਨ੍ਹਾਂ ਕਿਹਾ ਕਿ ਇੱਕ ਪਾਸੇ ਗੁਰੂ ਸਾਹਿਬਾਨਾਂ ਦੀ ਬਖ਼ਿਸ਼ਸ਼ ਕਿਰਪਾਨਾਂ ਅਤੇ ਰਵਾਇਤੀ ਸ਼ਸਤਰਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ, ਜਦਕਿ ਦੂਜੇ ਪਾਸੇ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਪ੍ਰਬੰਧ ਵਿੱਚ ਸਰਕਾਰੀ ਦਖ਼ਲ ਦਾ ਰਾਹ ਤਿਆਰ ਕੀਤਾ ਜਾ ਰਿਹਾ ਹੈ। ਸਿੱਖ ਕੌਮ ਇਨ੍ਹਾਂ ਘਟਨਾਵਾਂ ਨੂੰ ਵੱਖ-ਵੱਖ ਨਹੀਂ, ਸਗੋਂ ਇੱਕੋ ਸੋਚੀ-ਸਮਝੀ ਲੜੀ ਦਾ ਹਿੱਸਾ ਮੰਨਦੀ ਹੈ। ਸਿੱਖ ਇਤਿਹਾਸ ਇਸ ਗੱਲ ਦਾ ਗਵਾਹ ਹੈ ਕਿ ਇਸ ਕੌਮ ਨੇ ਆਪਣੇ ਗੁਰੂ ਘਰਾਂ ਦੀ ਆਜ਼ਾਦੀ ਅਤੇ ਮਰਿਆਦਾ ਦੀ ਰਾਖੀ ਲਈ ਸਿਰ ਕਟਾਏ ਹਨ, ਪਰ ਕਦੇ ਸਿਰ ਨਹੀਂ ਝੁਕਾਏ। ਜਿਨ੍ਹਾਂ ਮਹਾਨ ਸ਼ਹੀਦਾਂ ਨੇ ਜ਼ੁਲਮ ਅੱਗੇ ਝੁਕਣ ਦੀ ਬਜਾਏ ਸ਼ਹਾਦਤਾਂ ਚੁਣੀਆਂ, ਉਨ੍ਹਾਂ ਦੇ ਵਾਰਸ ਆਪਣੇ ਤਖ਼ਤਾਂ ਦੀ ਖ਼ੁਦਮੁਖਤਿਆਰੀ 'ਤੇ ਕਿਸੇ ਵੀ ਤਰ੍ਹਾਂ ਦੀ ਸਰਕਾਰੀ ਛਾਂ ਨੂੰ ਕਦੇ ਵੀ ਕਬੂਲ ਨਹੀਂ ਕਰਨਗੇ। ਉਨ੍ਹਾਂ ਸਮੁੱਚੇ ਸਿੱਖ ਪੰਥ ਨੂੰ ਅਪੀਲ ਕਰਦਿਆਂ ਕਿਹਾ ਕਿ ਇਹ ਸਮਾਂ ਚੁੱਪ ਰਹਿਣ ਜਾਂ ਢਿੱਲ ਵਰਤਣ ਦਾ ਨਹੀਂ, ਸਗੋਂ ਗੁਰੂ ਘਰਾਂ ਦੀ ਖ਼ੁਦਮੁਖਤਿਆਰੀ ਅਤੇ ਪੰਥਕ ਮਰਿਆਦਾ ਦੀ ਰਾਖੀ ਲਈ ਇੱਕ ਨਿਸ਼ਾਨ ਸਾਹਿਬ ਹੇਠ ਇਕੱਠੇ ਹੋਣ ਦਾ ਹੈ। ਉਨ੍ਹਾਂ ਕਿਹਾ ਕਿ ਜੇ ਅੱਜ ਤਖ਼ਤਾਂ ਦੀ ਆਜ਼ਾਦੀ 'ਤੇ ਹੋ ਰਹੇ ਹਮਲਿਆਂ ਵਿਰੁੱਧ ਪੰਥ ਇੱਕਜੁੱਟ ਨਾ ਹੋਇਆ ਤਾਂ ਆਉਣ ਵਾਲੀਆਂ ਪੀੜ੍ਹੀਆਂ ਕਦੇ ਮਾਫ਼ ਨਹੀਂ ਕਰਨਗੀਆਂ। ਉਨ੍ਹਾਂ ਦੇ ਅਨੁਸਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਹੇਠ ਪੰਥਕ ਮੋਰਚਾ ਹੀ ਇਸ ਚੁਣੌਤੀ ਦਾ ਸਭ ਤੋਂ ਮਜ਼ਬੂਤ ਅਤੇ ਕਰਾਰਾ ਜਵਾਬ ਹੈ। ਜੱਥੇ ਨੇ ਮਹਾਰਾਸ਼ਟਰ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਪ੍ਰਬੰਧ, ਸਿੱਖ ਧਾਰਮਿਕ ਸੰਸਥਾਵਾਂ ਦੀ ਆਜ਼ਾਦੀ ਅਤੇ ਗੁਰੂ ਦੀ ਬਖ਼ਿਸ਼ਸ਼ ਕਕਾਰਾਂ ਨਾਲ ਛੇੜਛਾੜ ਕਰਨ ਦੀ ਹਰ ਕੋਸ਼ਿਸ਼ ਤੁਰੰਤ ਵਾਪਸ ਲਈ ਜਾਵੇ। ਜੇਕਰ ਸਰਕਾਰ ਇਸ ਰਾਹ 'ਤੇ ਅੱਗੇ ਵਧਦੀ ਹੈ ਤਾਂ ਸਮੁੱਚਾ ਸਿੱਖ ਪੰਥ ਸੰਵਿਧਾਨਕ, ਸ਼ਾਂਤਮਈ ਅਤੇ ਲੋਕਤੰਤਰੀ ਢੰਗ ਨਾਲ ਵਿਆਪਕ ਪੰਥਕ ਵਿਰੋਧ ਖੜ੍ਹਾ ਕਰੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ। ਉਨ੍ਹਾਂ ਅੰਤ ਵਿੱਚ ਕਿਹਾ ਕਿ ਸਿੱਖਾਂ ਦੇ ਤਖ਼ਤ, ਸਿੱਖਾਂ ਦੀ ਮਰਿਆਦਾ ਅਤੇ ਧਾਰਮਿਕ ਆਜ਼ਾਦੀ ਕੋਈ ਸਰਕਾਰੀ ਰਹਿਮੋ-ਕਰਮ ਨਾਲ ਮਿਲੇ ਅਧਿਕਾਰ ਨਹੀਂ ਹਨ, ਸਗੋਂ ਗੁਰੂ ਸਾਹਿਬਾਨ ਅਤੇ ਲੱਖਾਂ ਸ਼ਹੀਦਾਂ ਦੀਆਂ ਕੁਰਬਾਨੀਆਂ ਨਾਲ ਹਾਸਲ ਕੀਤੀ ਅਮਾਨਤ ਹਨ। ਗੁਰੂ ਸਾਹਿਬਾਨ ਅਤੇ ਸ਼ਹੀਦਾਂ ਦੀ ਇਸ ਅਮਾਨਤ ਦੀ ਰਾਖੀ ਲਈ ਸਿੱਖ ਪੰਥ ਹਰ ਕੁਰਬਾਨੀ ਦੇਣ ਲਈ ਤਿਆਰ ਹੈ।

# ਮਣੀ ਕਮੇਟੀ ਵਿਸ਼ੇਸ਼ ਇਜਲਾਸ ਅੰਦਰ ਪਾਸ ਕੀਤੇ ਗਏ ਮਤੇ: ਭਗਵੰਤ ਮਾਨ ਖ਼ਿਲਾਫ਼ ਕਾਨੂੰਨੀ ਕਾਰਵਾਈ ਤੇ ਪੰਥਕ ਸੰਘਰਸ਼ ਦਾ ਐਲਾਨ



ਨਵੀਂ ਦਿੱਲੀ 27 ਜੂਨ (ਮਨਪ੍ਰੀਤ ਸਿੰਘ ਖਾਲਸਾ):- ਐਸਜੀਪੀਸੀ ਵਲੋਂ ਸੱਦੇ ਗਏ ਵਿਸ਼ੇਸ਼ ਜਨਰਲ ਇਕੱਤਰਤਾ ਦੌਰਾਨ ਪਾਸ ਕੀਤੇ ਗਏ ਮਤਿਆਂ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਗੁਰੂ ਸਾਹਿਬਾਨ ਅਤੇ ਗਿਆਨੀ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੀ ਤਸਵੀਰ ਦੀ ਕਥਿਤ ਬੇਅਦਬੀ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਇਸ ਨੂੰ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲਾ ਅਤੇ ਮੁਆਫ਼ੀਯੋਗ ਨਾ ਹੋਣ ਵਾਲਾ ਗੁਨਾਹ ਕਰਾਰ ਦਿੱਤਾ ਗਿਆ। ਜਨਰਲ ਇਕੱਤਰਤਾ ਨੇ ਇਸ ਮਾਮਲੇ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਲਏ ਗਏ ਨੋਟਿਸ ਅਤੇ ਆਦੇਸ਼ਾਂ ਦੀ ਪੂਰਨ ਪ੍ਰੋੜਤਾ ਕਰਦਿਆਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖ ਕੌਮ ਦੀ ਸਰਵਉੱਚ ਧਾਰਮਿਕ ਸੰਸਥਾ ਹੈ ਅਤੇ ਇਸ ਦੇ ਹੁਕਮਾਂ ਦਾ ਸਤਿਕਾਰ ਅਤੇ ਪਾਲਣਾ ਕਰਨਾ ਸਮੁੱਚੇ ਪੰਥ ਦੀ ਸਾਂਝੀ ਜ਼ਿੰਮੇਵਾਰੀ ਹੈ। ਨਾਲ ਹੀ ਕਿਹਾ ਗਿਆ ਕਿ ਮੁੱਖ ਮੰਤਰੀ ਨੇ ਭੁੱਲ ਸਵੀਕਾਰ ਕਰਨ ਦੀ ਬਜਾਏ ਝੂਠ ਬੋਲ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਤੌਹੀਨ ਕੀਤੀ ਹੈ। ਮਤਿਆਂ ਵਿੱਚ ਭਗਵੰਤ ਸਿੰਘ ਮਾਨ ਖ਼ਿਲਾਫ਼ ਪਰਚਾ ਦਰਜ ਕਰਵਾ ਕੇ ਕਾਨੂੰਨੀ ਕਾਰਵਾਈ ਕਰਨ, ਉਨ੍ਹਾਂ ਵੱਲੋਂ ਆਪਣੇ ਅਹੁਦੇ ਦਾ ਨੈਤਿਕ ਅਧਿਕਾਰ ਗੁਆ ਚੁੱਕਣ ਕਾਰਨ ਤੁਰੰਤ ਅਸਤੀਫ਼ਾ ਦੇਣ ਦੀ ਮੰਗ ਕੀਤੀ ਗਈ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਵੱਲੋਂ ਹਰ ਹਲਕੇ ਵਿੱਚ ਵਿਆਪਕ ਜਾਗਰੂਕਤਾ ਮੁਹਿੰਮ ਚਲਾਉਣ, ਪ੍ਰਚਾਰਕ ਜਥਿਆਂ ਰਾਹੀਂ ਸੰਗਤ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਅਨੁਸਾਰ ਭਗਵੰਤ ਸਿੰਘ ਮਾਨ ਦਾ ਵਿਰੋਧ ਕਰਨ ਲਈ ਪ੍ਰੇਰਿਤ ਕਰਨ ਅਤੇ ਸਮੂਹ ਸਿੱਖ ਜਥੇਬੰਦੀਆਂ, ਸੰਸਥਾਵਾਂ ਤੇ ਸੰਗਤ ਨੂੰ ਗੁਰੂ-ਮਰਿਆਦਾ ਦੀ ਰੱਖਿਆ ਲਈ ਇਕਜੁੱਟ ਰਹਿਣ ਦੀ ਅਪੀਲ ਕੀਤੀ ਗਈ। ਇਕ ਹੋਰ ਮਤੇ ਵਿੱਚ ਦੋਸ਼ ਲਾਇਆ ਗਿਆ ਕਿ ਮੁੱਖ ਮੰਤਰੀ ਨੇ ਸਰਕਾਰੀ ਅਧਿਕਾਰੀਆਂ ਅਤੇ ਸਰਕਾਰੀ ਸਰੋਤਾਂ ਦੀ ਵਰਤੋਂ ਕਰਕੇ ਗੁੜਗਾਓਂ ਦੀ ਲੈਬ ਤੋਂ ਕਥਿਤ ਜਾਅਲੀ ਰਿਪੋਰਟ ਤਿਆਰ ਕਰਵਾਈ। ਇਸ ਸਬੰਧੀ ਭਗਵੰਤ ਸਿੰਘ ਮਾਨ ਅਤੇ ਉਨ੍ਹਾਂ ਦੇ ਸਾਥੀਆਂ ਖ਼ਿਲਾਫ਼ ਬਣਦੀਆਂ ਧਾਰਾਵਾਂ ਤਹਿਤ ਪਰਚਾ ਦਰਜ ਕਰਵਾਉਣ ਲਈ ਸ਼੍ਰੋਮਣੀ ਕਮੇਟੀ ਦਾ ਵਫ਼ਦ ਡੀਜੀਪੀ ਪੰਜਾਬ ਨੂੰ ਮਿਲੇਗਾ। ਜਨਰਲ ਇਕੱਤਰਤਾ ਨੇ 5 ਜੁਲਾਈ 2026 ਨੂੰ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸਮੂਹ ਸਿੱਖ ਜਥੇਬੰਦੀਆਂ, ਸੰਪਰਦਾਵਾਂ, ਸਿੱਖ ਵਿਦਵਾਨਾਂ, ਬੁੱਧੀਜੀਵੀਆਂ ਅਤੇ ਸੰਗਤਾਂ ਦੀ ਸ਼ਮੂਲੀਅਤ ਨਾਲ ਵਿਸ਼ਾਲ ਪੰਥਕ ਇਕੱਠ ਸੱਦਣ ਦਾ ਵੀ ਫ਼ੈਸਲਾ ਕੀਤਾ। ਇਕ ਹੋਰ ਮਤੇ ਰਾਹੀਂ ਮਹਾਰਾਸ਼ਟਰ ਸਰਕਾਰ ਵੱਲੋਂ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਦੇ ਪ੍ਰਬੰਧ ਨਾਲ ਸਬੰਧਤ 1956 ਦੇ ਐਕਟ ਨੂੰ ਬਦਲਣ ਦੇ ਫ਼ੈਸਲੇ ਦਾ ਸਖ਼ਤ ਵਿਰੋਧ ਕਰਦਿਆਂ ਮੰਗ ਕੀਤੀ ਗਈ ਕਿ ਐਕਟ ਵਿੱਚ ਕਿਸੇ ਵੀ ਤਰ੍ਹਾਂ ਦੀ ਤਬਦੀਲੀ ਨਾ ਕੀਤੀ ਜਾਵੇ ਅਤੇ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੀ ਧਾਰਮਿਕ ਖ਼ੁਦਮੁਖਤਾਰੀ ਅਤੇ ਪ੍ਰਬੰਧ ਵਿੱਚ ਸਰਕਾਰੀ ਦਖ਼ਲਅੰਦਾਜ਼ੀ ਤੋਂ ਗੁਰੇਜ਼ ਕੀਤਾ ਜਾਵੇ।

# ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਦੀ ਅਗਵਾਈ ਹੇਠ ਸ੍ਰੀ ਹਜ਼ੂਰ ਸਾਹਿਬ ਲਈ ਲੰਗਰ ਭੇਜਿਆ





ਧੂਰੀ, 27 ਜੂਨ ( ਰਣਜੀਤ ਸਿੰਘ ਪੇਧਨੀ )- ਸ੍ਰੋਮਣੀ ਅਕਾਲੀ ਦਲ ਬਾਦਲ ਦੇ ਧੂਰੀ ਤੋਂ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਦੀ ਅਗਵਾਈ ਹੇਠ ਪੰਜਾਬ ਤੋਂ ਸ੍ਰੀ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਜਾਣ ਵਾਲੀਆਂ ਸੰਗਤਾਂ ਦੇ ਲਈ ਲੰਗਰ ਭੇਜਿਆ ਗਿਆ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਕਿਹਾ ਕਿ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਅਪਾਰ ਕਿਰਪਾ ਸਦਕਾ ਧੂਰੀ ਦੀਆਂ ਸੰਗਤਾਂ ਵੱਲੋਂ ਲੰਗਰ, ਪਰਸਾਦੇ, ਜਲੇਬੀਆਂ, ਕੜੀ ਚਾਵਲ ਪਾਣੀ ਦਾ ਪ੍ਰਬੰਧ ਕਰਕੇ ਸੰਗਤਾਂ ਦੇ ਸਹਿਯੋਗ ਨਾਲ ਲੰਗਰ ਦਾ ਪ੍ਰਬੰਧ ਕੀਤਾ ਗਿਆ। ਉਹਨਾਂ ਕਿਹਾ ਕਿ ਪੰਜਾਬ ਗੁਰੂਆਂ ਪੀਰਾਂ ਪੈਗੰਬਰਾਂ ਦੀ ਧਰਤੀ ਹੈ ਪੰਜਾਬੀਆਂ ਦੇ ਦਿਲ ਬਹੁਤ ਵੱਡੇ ਹਨ ਪੰਜਾਬੀ ਹਮੇਸ਼ਾ ਲੰਗਰਾਂ ਲਈ ਹੀ ਮਸ਼ਹੂਰ ਮੰਨੇ ਜਾਂਦੇ ਹਨ। ਇਸ ਮੌਕੇ ਨਿਰਭੈ ਸਿੰਘ ਹੇੜੀਕੇ, ਜਸਦੇਵ ਸਿੰਘ ਜੱਸਾ ਠੇਕੇਦਾਰ, ਸਰਬਜੀਤ ਸਿੰਘ ਕਾਤਰੋਂ, ਗੁਰਦਿਆਲ ਸਿੰਘ ਕਾਂਝਲਾ, ਦਰਸਨ ਸਿੰਘ ਬਿਰਦੀ, ਸੁਰਿੰਦਰਜੀਤ ਸਿੰਘ ਭੋਲਾ ਹਾਜ਼ਰ ਸਨ।

## ਇੱਕ ਨਜ਼ਰ...



# ਜਥੇਦਾਰ ਦਲਬੀਰ ਸਿੰਘ ਨਮਿਤ ਹੋਇਆ ਸਰਧਾਂਜਲੀ ਸਮਾਰੋਹ

ਚੌਕ ਮਹਿਤਾ, 27 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਨਾਮਵਰ ਕਹਾਣੀਕਾਰ ਅਤੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਕੱਤਰ ਦੀਪ ਦੇਵਿੰਦਰ ਸਿੰਘ ਦੇ ਵੱਡੇ ਭਰਾਤਾ ਜਥੇਦਾਰ ਦਲਬੀਰ ਸਿੰਘ ਨਮਿਤ ਅੰਤਿਮ ਅਰਦਾਸ ਅਤੇ ਸਰਧਾਂਜਲੀ ਸਮਾਰੋਹ ਉਹਨਾਂ ਦੇ ਜੱਦੀ ਪਿੰਡ ਕੋਟਲੀ ਢੋਲੇ ਸ਼ਾਹ ਵਿਖੇ ਹੋਇਆ ।ਜਿਥੇ ਉਹਨਾਂ ਨੂੰ ਧਾਰਮਿਕ, ਸਮਾਜਿਕ, ਰਾਜਨੀਤਕ ਅਤੇ ਸਾਹਿਤਕ ਸਖਸ਼ੀਅਤਾਂ ਵਲੋਂ ਸਰਧਾਂਜਲੀ ਅਰਪਿਤ ਕੀਤੀ ਗਈ ।ਨਗਰ ਦੇ ਗੁਰਦਵਾਰਾ ਸਾਹਿਬ ਵਿਖੇ ਹੋਈ ਇਸ ਸੋਗ ਸਭਾ ਵਿਚ ਬਾਬਾ ਗੁਰਦੀਪ ਸਿੰਘ ਖਜਾਲੇ ਵਾਲਿਆਂ ਗੁਰਬਾਣੀ ਦਾ ਵੈਰਾਗ ਮਈ ਕੀਰਤਨ ਕੀਤਾ। ਇਸ ਮੌਕੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਸਾਬਕਾ ਕੈਬਿਨੇਟ ਮੰਤਰੀ ਬਿਕਰਮ ਸਿੰਘ ਮਜੀਠੀਆ ਦੇ ਸਿਆਸੀ ਸਕੱਤਰ ਲਖਬੀਰ ਸਿੰਘ ਗਿੱਲ ਅਤੇ ਕੁਲਵਿੰਦਰ ਸਿੰਘ ਧਾਰੀਵਾਲ, ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸੀਨੀਅਰ ਮੀਤ ਪ੍ਰਧਾਨ ਮੱਖਣ ਕੁਹਾੜ, ਮਾਸਟਰ ਗੁਰਮੀਤ ਸਿੰਘ ਬਾਜਵਾ ਅਤੇ ਅਜਮੇਰ ਸਿੰਘ ਉੱਪਲ ਆਦਿ ਨੇ ਕਿਹਾ ਕਿ ਜਥੇਦਾਰ ਦਲਬੀਰ ਸਿੰਘ ਵਰਗੇ ਇਨਸਾਨ ਦੀ ਸਮਾਜ ਨੂੰ ਹਮੇਸ਼ਾ ਲੋੜ ਰਹਿੰਦੀ ਹੈ ।ਉਹਨਾਂ ਦੇ ਇੰਝ ਬੇਵਕਤੀ ਜਾਣ ਨਾਲ ਸਮਾਜ ਅਤੇ ਪਰਿਵਾਰ ਨੂੰ ਵੱਡਾ ਘਾਟਾ ਪਿਆ ਹੈ ।ਪਰਿਵਾਰ ਵਲੋਂ ਸਭ ਦਾ ਧੰਨਵਾਦ ਦੀਪ ਦੇਵਿੰਦਰ ਸਿੰਘ ਵਲੋਂ ਕੀਤਾ ਗਿਆ ਜਦ ਕਿ ਸਮੁੱਚੇ ਸਮਾਗਮ ਦਾ ਮੰਚ ਸੰਚਾਲਨ ਕੇਂਦਰੀ ਸਭਾ ਦੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ ਵਲੋਂ ਕੀਤਾ ਗਿਆ ।ਕੇਂਦਰੀ ਪੰਜਾਬੀ ਲੇਖਕ ਸਭਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਅਤੇ ਸ੍ਰੀ ਗੁਰੂ ਸੇਵਕ ਸਭਾ ਦਰਬਾਰ ਸਾਹਿਬ ਵਲੋਂ ਦਲਬੀਰ ਸਿੰਘ ਦੇ ਸਪੁੱਤਰ ਚੜ੍ਹਤ ਸਿੰਘ ਨੂੰ ਦਸਤਾਰਾਂ ਅਤੇ ਸ਼ੋਕ ਸੰਦੇਸ਼ ਭੇਟ ਕੀਤੇ ਗਏ ।ਇਸ ਮੌਕੇ ਹੋਰਨਾਂ ਤੋਂ ਇਲਾਵਾ ਇਸ ਸਮੇਂ ਪ੍ਰਿੰ. ਰਘਬੀਰ ਸਿੰਘ ਸੋਹਲ, ਮਨਜੀਤ ਸਿੰਘ ਵੱਸੀ, ਮੱਖਣ ਭੈਣੀਵਾਲਾ, ਮੰਗਤ ਚੰਚਲ, ਸੀਤਲ ਸਿੰਘ ਗੁੰਨੋਪੁਰੀ, ਬੂਟਾ ਰਾਮ ਅਜਾਦ, ਕਰਮਜੀਤ ਸਿੰਘ ਬਾਸਰਕੇ, ਹੈੱਡਮਾਸਟਰ ਸਤਿਨਾਮ ਸਿੰਘ ਪਾਖਰਪੁਰਾ, ਕੰਵਲਜੀਤ ਸਿੰਘ, ਦਵਿੰਦਰ ਸਿੰਘ ਅੰਮ੍ਰਿਤਸਰ, ਹਰਜਿੰਦਰ ਸਿੰਘ ਕਲਸੀ ਅਤੇ ਹਰਸਿਮਰਨ ਸਿੰਘ ਕਲਸੀ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤ ਹਾਜਰ ਸੀ।

# ਸਕੂਨ ਦੀ ਭਾਲ ਵਿੱਚ ਗੁੰਮ ਚੁੱਕਾ ਬੰਦਾ

ਇਨਸਾਨ ਦੀ ਜ਼ਿੰਦਗੀ ਉਸ ਦੀਆਂ ਜ਼ੁੰਮੇਵਾਰੀਆਂ ਤੇ ਉਸ ਦੀਆਂ ਔਕੜਾਂ ਨੇ ਘੇਰੀ ਹੋਈ ਹੈ ਪਰ ਇਸ ਦੇ ਪਿੱਛੇ ਉਸ ਦਾ ਖ਼ੁੱਦ ਦਾ ਸਕੂਨ ਚਕਨਾਚੂਰ ਹੋ ਕੇ ਕਿਸੇ ਕੋਨੇ ਵਿੱਚ ਮੁਰਝਾਏ ਉਸ ਫੁੱਲ ਵਾਂਗ ਹੈ ਜਿਸ ਨੂੰ



ਪਾਣੀ ਤਾਂ ਮਿਲ ਜਾਂਦਾ ਪਰ ਸਾਂਭ ਨੀ ਮਿਲਦੀ ਇਸ ਤਰ੍ਹਾਂ ਹੀ ਉਸ ਦੀ ਜ਼ਿੰਦਗੀ ਹੋ ਚੁੱਕੀ ਹੈ ਜੰਮਦੇ ਜਵਾਕ ਨੂੰ ਹਰ ਕੋਈ ਪਿਆਰ ਕਰਦਾ ਉਹ ਜਿਵੇਂ ਜਿਵੇਂ ਵੱਡਾ ਹੋ ਰਿਹਾ ਹੁੰਦਾ ਉਸ ਨੂੰ ਇਹ ਇਹਸਾਸ ਕਰਵਾ ਦਿੱਤਾ ਜਾਂਦਾ ਕੇ ਤੂੰ ਹੀ ਸਾਡਾ ਸਹਾਰਾ ਤੇ ਤੂੰ ਹੀ ਸਭ ਕੁੱਝ ਸਾਂਭਣਾ ਪਰ ਉਹਦੇ ਪਿੱਛੇ ਉਹਨੂੰ ਕੀ ਚਾਹੀਦਾ ਕਿਸੇ ਨੇ ਪੁੱਛਿਆ ਕਦੇ ਨਹੀਂ, ਕਿਉਂ ਕੇ ਅਸੀ ਜਿਸ ਸਮਾਜ ਵਿੱਚ ਪੈਦਾ ਹੋਏ ਆ ਉੱਥੇ ਮੁੱਢ ਕੁਦੀਮ ਤੋਂ ਇਹੀ ਚੱਲਦਾ ਆ ਰਿਹਾ ਕੇ ਤੁਸੀਂ ਆਹ ਕਰਨਾ ਹੀ ਕਰਨਾ ਗੱਲ ਖ਼ਤਮ! ਪਰ ਉਸ ਜਵਾਕ ਦੇ ਸੁਪਨੇ ਕਿੱਥੇ ,ਉਸਦੇ ਆਪਣੇ ਅਰਮਾਨ ਕਿੱਥੇ ਮਰ ਗਏ ਕਦੇ ਸੋਚਿਆ ਕਿਸੇ ਨੇ ਉਹ ਆਪਣੇ ਘਰ ਦੀਆਂ ਜੁਮੇਵਾਰੀਆਂ ਪੂਰੀਆਂ ਕਰਦਾ ਖ਼ੁੱਦ ਨੂੰ ਰੋਗ ਲਗਵਾ ਲੈਂਦਾ ਗੁਮ ਰਹਿਣ ਲੱਗ ਜਾਂਦਾ ਜੇ ਕੁਸ਼ ਬੋਲਦਾ ਤਾਂ ਓਹਦੀਆਂ ਗੱਲਾਂ ਦਾ ਗ਼ਲਤ ਮਤਲਬ ਕੱਢ ਕੇ ਲੜਾਈ ਕੀਤੀ ਜਾਂਦੀ। ਜਵਾਨ ਹੋਇਆ ਵਿਆਹ ਹੁੰਦਾ ਤੇ ਨਵਾਂ ਪਰਿਵਾਰ ਮਿਲਦਾ ਕੁਸ਼ ਪਲ ਲਈ ਖ਼ੁਸ਼ੀ ਮਿਲਦੀ ਪਰ ਉਹ ਖ਼ੁਸ਼ੀ ਵੀ ਸਿਰਫ਼ ਉਦੋਂ ਤੱਕ ਜੇ ਉਹਨਾਂ ਦੀ ਕੁੜੀ ਖ਼ੁਸ਼ ਨਹੀਂ ਤੁਸੀਂ ਉਹਨਾਂ ਦੇ ਕੁੱਝ ਵੀ ਨਹੀਂ ਲਗਦੇ। ਵਿਆਹ ਮਗਰੋਂ ਵੀ ਇਨਸਾਨ ਜੁਮੇਵਾਰੀਆਂ ਪੂਰੀਆਂ ਕਰਦਾ ਖ਼ੁਸ਼ ਰੱਖਣ ਦੀ ਕੋਸ਼ਿਸ਼ ਕਰਦਾ ਪਰ ਫੇਰ ਵੀ ਉਹਦੇ ਕੋਲੋਂ ਕਮੀ ਰਹਿ ਹੀ ਜਾਂਦੀ ਤੇ ਉਹੀ ਓਲਾਂਬੇ ਫੇਰ ਕੇ ਤੂੰ ਦੁੱਖੀ ਕਰਦਾ ਤੂੰ ਆਦਰ ਨੀ ਕਰਦਾ ਸਾਂਭ ਨੀ ਕਰਦਾ। ਉਹ ਸੋਚਦਾ ਕੇ ਮੈਂ ਹਰ ਖ਼ੁਸ਼ੀ ਆਵਦੀ ਘਰਵਾਲੀ ਦੇ ਪੈਰਾਂ ਵਿੱਚ ਲਿਆ ਕੇ ਰੱਖਦਾ ਉਹ ਹੋਰ ਮਿਹਨਤ ਕਰਦਾ ਹੱਡ ਤੋੜ ਮਿਹਨਤ ਕਰਦਾ ਆਖ਼ਰ ਤੇ ਕੀ ਮਿਲਦਾ ਜਾਂ ਧੋਖਾ ਜਾਂ ਪਛਤਾਵਾ। ਜਵਾਕ ਹੁੰਦੇ ਫੇਰ ਉਹਨਾਂ ਦਾ ਫਿਕਰ ਉਹਨਾਂ ਨੂੰ ਉਹ ਖ਼ੁਸ਼ੀ ਦਿਓ ਜੋ ਉਹਨੂੰ ਨਹੀਂ ਮਿਲੀ ਪਰ ਆਖ਼ਰ ਤੇ ਫੇਰ ਉਹੀ ਕੇ ਤੁਸੀਂ ਸਾਡੇ ਲਈ ਕੁੱਝ ਵੱਖਰਾ ਨਹੀਂ ਕੀਤਾ। ਪਰ ਉਹ ਇਹ ਜੁਮੇਵਾਰੀਆਂ ਪੂਰੀਆਂ ਕਰਦਾ ਕਰਦਾ ਉਸ ਰੱਬ ਕੋਲੋਂ ਬਹੁਤ ਦੂਰ ਚਲਾ ਜਾਂਦਾ ਜੋ ਇਹ ਜੁਮੇਵਾਰੀਆਂ ਪੂਰੀਆਂ ਕਰਦਾ ਕਰਦਾ ਭੁੱਲ ਗਿਆ ਸੀ ਤੇ ਆਖ਼ਰ ਤੇ ਰੱਬ ਦੇ ਨੇੜੇ ਹੋਣ ਲੱਗਦਾ। ਸਵਾਲ ਉਹੀ ਕੇ ਮੁੰਡਾ ਬਣ ਕੇ ਕੀ ਮੈਂ ਗਲਤੀ ਕਰਤੀ ? ਆਖ਼ਰ ਤੇ ਦਿਲ ਦਿਮਾਗ ਇਹੀ ਕਹਿੰਦਾ ਕੇ ਤੁਸੀਂ ਚਾਹੇ ਬਿਮਾਰ ਹੋਵੋ ਚਾਹੇ ਕਿਸੇ ਮੁਸੀਬਤ ਵਿੱਚ ਹੋ ਤੁਹਾਨੂੰ ਰੱਬ ਨੇ ਮੁੰਡਾ ਬਣਾ ਕੇ ਭੇਜਿਆ ਬਸ ਜੁਮੇਵਾਰੀਆਂ ਪੂਰੀਆਂ ਕਰੋਂ ਪਰ ਸਕੂਨ ਕੌਣ ਦਿਓ ? ਇੱਥੇ ਪੈਸਿਆਂ ਦੀ ਦੌੜ੍ਹ ਵਿੱਚ ਰਿਸ਼ਤੇ ਉਹਨਾਂ ਸਮਾਂ ਹੀ ਆ ਜਿਨ੍ਹਾਂ ਸਮਾਂ ਪੈਸਾ ਕਮਾ ਕੇ ਉਹਨਾਂ ਦੀ ਝੋਲੀ ਪਾ ਰਹੇ ਹੋ ਕਦੇ ਹੱਥ ਝਾੜ ਕੇ ਪਿੱਛੇ ਹਟ ਕੇ ਦੇਖੋ ਨਾ ਰਿਸ਼ਤੇ ਰਹਿਣੇ ਨਾ ਉਹਨਾਂ ਵੱਲੋਂ ਮਿਲਦਾ ਝੂਠਾ ਪਿਆਰ। ਹਲੇ ਵੀ ਸਮਾਂ ਹੱਥ ਵਿੱਚ ਹੈ ਜੋ ਰੱਬ ਨੂੰ ਭੁੱਲ ਚੁੱਕੇ ਆ ਉਹਨੂੰ ਯਾਦ ਕਰੋਂ ਜਿਨ੍ਹਾਂ ਹੁੰਦਾ ਓਨਾ ਕੰਮ ਕਰੋਂ ਤੇ ਆਵਦੇ ਜੋ ਅਰਮਾਨ ਉਹ ਪੂਰੇ ਕਰੋਂ ਤਾਂ ਕੇ ਆਖ਼ਰ ਤੇ ਆ ਕੇ ਇਹ ਪਛਤਾਵਾ ਨਾ ਰਹੇ ਕੇ ਮੈਂ ਸਿਰਫ਼ ਰਿਸ਼ਤੇ ਬਚਾਉਂਦਾ ਖ਼ੁੱਦ ਅਲੋਪ ਹੋ ਗਿਆ। ਰੱਬ ਦਾ ਨਾਮ ਸਿਮਰ ਕਰੋਂ ਤੇ ਉਹ ਸਕੂਨ ਦੇਖੋ ਜੋ ਤੁਹਾਨੂੰ ਚਾਹੀਦਾ ਹੈ ।

**ਗਗਨਦੀਪ ਖੀਪਲ**

# ਭਾਜਪਾ ਵੱਲੋਂ ਜੰਡਿਆਲਾ ਗੁਰੂ ਵਿਖੇ 'ਸੰਵਿਧਾਨ ਹੱਤਿਆ ਦਿਵਸ' ਮਨਾਇਆ ਗਿਆ

## ਐਮਰਜੈਂਸੀ ਭਾਰਤੀ ਲੋਕਤੰਤਰ ਦੇ ਇਤਿਹਾਸ ਦਾ ਸਭ ਤੋਂ ਕਾਲਾ ਅਧਿਆਇ - ਓ.ਪੀ. ਧਨਖੜ






ਜੰਡਿਆਲਾ ਗੁਰੂ, 27 ਜੂਨ ( ਕੁਲਵੰਤ ਸਿੰਘ ਵਿਰਦੀ ) ਭਾਜਪਾ ਵੱਲੋਂ ਜੰਡਿਆਲਾ ਗੁਰੂ ਵਿਖੇ 'ਸੰਵਿਧਾਨ ਹੱਤਿਆ ਦਿਵਸ' ਦੇ ਸਬੰਧ ਵਿੱਚ ਇੱਕ ਵਿਸ਼ਾਲ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਉਸ ਸਮੇਂ ਦੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਵਲੋਂ ਦੇਸ਼ ਵਿੱਚ 25 ਜੂਨ 1975 ਨੂੰ ਲਗਾਈ ਗਈ ਐਮਰਜੈਂਸੀ ਦੇ ਕਾਲੇ ਦੌਰ ਨੂੰ ਯਾਦ ਕਰਦਿਆਂ ਲੋਕਤੰਤਰ ਅਤੇ ਸੰਵਿਧਾਨ ਦੀ ਰੱਖਿਆ ਦਾ ਸੰਦੇਸ਼ ਦਿੱਤਾ ਗਿਆ।ਸਮਾਗਮ ਵਿੱਚ ਭਾਰਤੀ ਜਨਤਾ ਪਾਰਟੀ ਦੇ ਕੌਮੀ ਸਕੱਤਰ ਓ.ਪੀ. ਧਨਖੜ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਪੰਜਾਬ ਭਾਜਪਾ ਦੇ ਮੀਤ ਪ੍ਰਧਾਨ ਕੇ.ਡੀ. ਭੰਡਾਰੀ ਅਤੇ ਸ. ਬਿਕਰਮਜੀਤ ਸਿੰਘ ਚੀਮਾ, ਅੰਮ੍ਰਿਤਸਰ ਦਿਹਾਤੀ ਦੇ ਜ਼ਿਲ੍ਹਾ ਪ੍ਰਧਾਨ ਅਤੇ ਸਾਬਕਾ ਵਿਧਾਇਕ ਸ. ਮਨਜੀਤ ਸਿੰਘ ਮੰਨਾ, ਜਨਰਲ ਸਕੱਤਰ ਸ. ਜਗਮੋਹਨ ਸਿੰਘ ਰਾਜੂ, ਸ. ਸਰਬਜੀਤ ਸਿੰਘ ਸੰਧੂ, ਯੂਥ ਵਿੰਗ ਦੇ ਪ੍ਰਧਾਨ ਸ. ਬਲਜਿੰਦਰ ਸਿੰਘ ਅਮਰਕੋਟ ਅਤੇ ਸਾਬਕਾ ਮੇਅਰ ਬਖਸ਼ੀ ਰਾਮ ਅਰੋੜਾ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਆਗੂ, ਵਰਕਰ ਅਤੇ ਇਲਾਕਾ ਵਾਸੀ ਹਾਜ਼ਰ ਸਨ।ਸਮਾਗਮ ਨੂੰ ਸੰਬੋਧਨ ਕਰਦਿਆਂ ਓ.ਪੀ. ਧਨਖੜ ਨੇ ਕਿਹਾ ਕਿ 25 ਜੂਨ 1975 ਨੂੰ ਉਸ ਸਮੇਂ ਦੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਵਲੋਂ ਲਗਾਈ ਗਈ ਐਮਰਜੈਂਸੀ ਭਾਰਤੀ ਲੋਕਤੰਤਰ ਦੇ ਇਤਿਹਾਸ ਦਾ ਸਭ ਤੋਂ ਕਾਲਾ ਅਧਿਆਇ ਸੀ। ਉਨ੍ਹਾਂ ਕਿਹਾ ਕਿ ਉਸ ਸਮੇਂ ਦੇਸ਼ ਦੇ ਸੰਵਿਧਾਨਕ ਮੁੱਲਾਂ ਨੂੰ ਗੰਭੀਰ ਝਟਕਾ ਲੱਗਿਆ, ਨਾਗਰਿਕਾਂ ਦੇ ਮੌਲਿਕ ਅਧਿਕਾਰਾਂ ਨੂੰ ਮੁਅੱਤਲ ਕਰ ਦਿੱਤਾ ਗਿਆ, ਪ੍ਰੈੱਸ ਦੀ ਆਜ਼ਾਦੀ 'ਤੇ ਪਾਬੰਦੀਆਂ ਲਗਾਈਆਂ ਗਈਆਂ ਅਤੇ ਵਿਰੋਧੀ ਧਿਰ ਦੇ ਹਜ਼ਾਰਾਂ ਆਗੂਆਂ ਤੇ ਸਮਾਜਿਕ ਕਾਰਕੁਨਾਂ ਨੂੰ ਜੇਲ੍ਹਾਂ ਵਿੱਚ ਬੰਦ ਕਰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਲੋਕਤੰਤਰ ਦੀ ਰੱਖਿਆ ਲਈ ਉਸ ਸਮੇਂ ਸੰਘਰਸ਼ ਕਰਨ ਵਾਲੇ ਸਾਰੇ ਲੋਕਾਂ ਦਾ ਦੇਸ਼ ਹਮੇਸ਼ਾ ਰਿਣੀ ਰਹੇਗਾ। ਇਸ ਮੌਕੇ ਕੇ.ਡੀ. ਭੰਡਾਰੀ ਅਤੇ ਸ. ਬਿਕਰਮਜੀਤ ਸਿੰਘ ਚੀਮਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਐਮਰਜੈਂਸੀ ਦੇ ਦੌਰ ਨੇ ਦੇਸ਼ ਨੂੰ ਇਹ ਸਬਕ ਦਿੱਤਾ ਕਿ ਲੋਕਤੰਤਰ ਦੀ ਮਜ਼ਬੂਤੀ ਲਈ ਜਾਗਰੂਕ ਨਾਗਰਿਕ ਅਤੇ ਮਜ਼ਬੂਤ ਸੰਸਥਾਵਾਂ ਬਹੁਤ ਜ਼ਰੂਰੀ ਹਨ। ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਇਸ ਇਤਿਹਾਸ ਤੋਂ ਜਾਣੂ ਕਰਵਾਉਣਾ ਸਮੇਂ ਦੀ ਲੋੜ ਹੈ ਤਾਂ ਜੋ ਭਵਿੱਖ ਵਿੱਚ ਕਦੇ ਵੀ ਅਜਿਹੀਆਂ ਸਥਿਤੀਆਂ ਪੈਦਾ ਨਾ ਹੋਣ।ਅੰਮ੍ਰਿਤਸਰ ਦਿਹਾਤੀ ਦੇ ਜ਼ਿਲ੍ਹਾ ਪ੍ਰਧਾਨ ਅਤੇ ਸਾਬਕਾ ਵਿਧਾਇਕ ਸ. ਮਨਜੀਤ ਸਿੰਘ ਮੰਨਾ ਨੇ ਕਿਹਾ ਕਿ ਐਮਰਜੈਂਸੀ ਦੌਰਾਨ ਦੇਸ਼ ਦੇ ਲੋਕਾਂ ਨੇ ਬੇਮਿਸਾਲ ਹੌਂਸਲੇ ਨਾਲ ਲੋਕਤੰਤਰ ਦੀ ਬਹਾਲੀ ਲਈ ਸੰਘਰਸ਼ ਕੀਤਾ। ਉਨ੍ਹਾਂ ਕਿਹਾ ਕਿ ਭਾਰਤ ਦਾ ਸੰਵਿਧਾਨ ਦੇਸ਼ ਦੇ ਹਰ ਨਾਗਰਿਕ ਨੂੰ ਅਧਿਕਾਰਾਂ ਦੇ ਨਾਲ-ਨਾਲ ਜ਼ਿੰਮੇਵਾਰੀਆਂ ਵੀ ਦਿੰਦਾ ਹੈ ਅਤੇ ਇਸ ਦੀ ਰੱਖਿਆ ਕਰਨਾ ਹਰ ਭਾਰਤੀ ਦਾ ਫਰਜ਼ ਹੈ।ਜਨਰਲ ਸਕੱਤਰ ਸ. ਜਗਮੋਹਨ ਸਿੰਘ ਰਾਜੂ ਨੇ ਕਿਹਾ ਕਿ ਸੰਵਿਧਾਨ ਦੀ ਮਰਿਆਦਾ ਅਤੇ ਲੋਕਤੰਤਰਿਕ ਪਰੰਪਰਾਵਾਂ ਨੂੰ ਕਾਇਮ ਰੱਖਣਾ ਹਰ ਰਾਜਨੀਤਿਕ ਦਲ ਅਤੇ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਕਿਹਾ ਕਿ ਐਮਰਜੈਂਸੀ ਵਰਗੀਆਂ ਘਟਨਾਵਾਂ ਨੂੰ ਯਾਦ ਰੱਖਣਾ ਇਸ ਲਈ ਜ਼ਰੂਰੀ ਹੈ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਲੋਕਤੰਤਰ ਦੀ ਮਹੱਤਤਾ ਨੂੰ ਸਮਝ ਸਕਣ। ਸਾਬਕਾ ਮੇਅਰ ਬਖਸ਼ੀ ਰਾਮ ਅਰੋੜਾ ਨੇ ਕਿਹਾ ਕਿ ਭਾਰਤ ਦਾ ਸੰਵਿਧਾਨ ਦੁਨੀਆ ਦੇ ਸਭ ਤੋਂ ਮਜ਼ਬੂਤ ਅਤੇ ਵਿਸਤ੍ਰਿਤ ਸੰਵਿਧਾਨਾਂ ਵਿੱਚੋਂ ਇੱਕ ਹੈ ਅਤੇ ਇਸ ਦੀ ਰੱਖਿਆ ਕਰਨਾ ਹਰ ਨਾਗਰਿਕ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਲੋਕਤੰਤਰ ਦੀਆਂ ਕਦਰਾਂ-ਕੀਮਤਾਂ ਨੂੰ ਸਦਾ ਕਾਇਮ ਰੱਖਣ ਲਈ ਸਮਾਜ ਦੇ ਹਰ ਵਰਗ ਨੂੰ ਜਾਗਰੂਕ ਰਹਿਣਾ ਹੋਵੇਗਾ।ਸਮਾਗਮ ਦੇ ਅੰਤ ਵਿੱਚ ਲੋਕਤੰਤਰ ਦੀ ਰੱਖਿਆ ਲਈ ਆਪਣਾ ਯੋਗਦਾਨ ਪਾਉਣ ਵਾਲੇ ਸੰਘਰਸ਼ਸ਼ੀਲ ਲੋਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ ਅਤੇ ਦੇਸ਼ ਦੇ ਸੰਵਿਧਾਨ, ਲੋਕਤੰਤਰਿਕ ਪਰੰਪਰਾਵਾਂ ਅਤੇ ਰਾਸ਼ਟਰੀ ਏਕਤਾ ਨੂੰ ਹੋਰ ਮਜ਼ਬੂਤ ਬਣਾਉਣ ਦਾ ਸੰਕਲਪ ਲਿਆ ਗਿਆ। ਅੰਮ੍ਰਿਤਸਰ ਦਿਹਾਤੀ ਦੇ ਜਨਰਲ ਸਕੱਤਰ ਸਰਬਜੀਤ ਸਿੰਘ ਸੰਧੂ ਤੇ ਯੂਥ ਵਿੰਗ ਦੇ ਪ੍ਰਧਾਨ ਸ. ਬਲਜਿੰਦਰ ਸਿੰਘ ਅਮਰਕੋਟ ਨੇ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਲੋਕਤੰਤਰ ਦੀ ਮਜ਼ਬੂਤੀ ਵਿੱਚ ਨੌਜਵਾਨਾਂ ਦੀ ਭੂਮਿਕਾ ਬਹੁਤ ਅਹਿਮ ਹੈ। ਉਨ੍ਹਾਂ ਨੇ ਨੌਜਵਾਨਾਂ ਨੂੰ ਦੇਸ਼ ਦੇ ਸੰਵਿਧਾਨ, ਲੋਕਤੰਤਰਿਕ ਮੁੱਲਾਂ ਅਤੇ ਰਾਸ਼ਟਰ ਨਿਰਮਾਣ ਵਿੱਚ ਸਰਗਰਮ ਭਾਗੀਦਾਰੀ ਲਈ ਪ੍ਰੇਰਿਤ ਕੀਤਾ।ਇਸ ਮੌਕੇ ਵੱਡੀ ਗਿਣਤੀ ਵਿੱਚ ਭਾਜਪਾ ਦੇ ਅਹੁਦੇਦਾਰ, ਵਰਕਰ ਅਤੇ ਇਲਾਕਾ ਵਾਸੀ ਮੌਜੂਦ ਰਹੇ।

# ਪੰਜਾਬ ਦੀ ਸਿਆਸਤ 'ਚ ਵੱਡਾ ਧਮਾਕਾ ! ਜਥੇਦਾਰ ਭਾਈ ਰਣਜੀਤ ਸਿੰਘ ਦੀ ਸਿਆਸਤ 'ਚ ਐਂਟਰੀ ਦੇ ਸੰਕੇਤ

## ਜੀਵਨ ਸਿੰਘ ਤਾਮਿਲ ਨਾਲ ਗੁਪਤ ਮੁਲਾਕਾਤ ਨੇ ਛੇੜੀ ਨਵੀਂ ਚਰਚਾ



ਨਵੀਂ ਦਿੱਲੀ 27 ਜੂਨ (ਮਨਪ੍ਰੀਤ ਸਿੰਘ ਖਾਲਸਾ):- ਪੰਜਾਬ ਦੀ ਸਿਆਸਤ ਵਿੱਚ ਇੱਕ ਵੱਡੇ ਬਦਲਾਅ ਦੀ ਆਹਟ ਸੁਣਾਈ ਦੇ ਰਹੀ ਹੈ। ਸਿੱਖ ਹੱਕਾਂ ਦੀ ਬੁਲੰਦ ਆਵਾਜ਼ ਅਤੇ ਸਾਬਕਾ ਜਥੇਦਾਰ ਭਾਈ ਰਣਜੀਤ ਸਿੰਘ ਅਤੇ ਸਰਦਾਰ ਜੀਵਨ ਸਿੰਘ ਤਾਮਿਲ ਵਿਚਾਲੇ ਹੋਈ ਲੰਬੀ ਤੇ ਅਹਿਮ ਮੁਲਾਕਾਤ ਨੇ ਸਿਆਸੀ ਹਲਕਿਆਂ ਵਿੱਚ ਨਵੀਂ ਚਰਚਾ ਛੇੜ ਦਿੱਤੀ ਹੈ। ਇਸ ਮੁਲਾਕਾਤ ਨੂੰ ਪੰਜਾਬ ਦੀ ਰਾਜਨੀਤੀ ਦੇ ਭਵਿੱਖ ਲਈ ਇੱਕ ਮਹੱਤਵਪੂਰਨ ਮੋੜ ਵਜੋਂ ਦੇਖਿਆ ਜਾ ਰਿਹਾ ਹੈ। ਦੋਵਾਂ ਆਗੂਆਂ ਨੇ ਪੰਜਾਬ ਦੇ ਮੌਜੂਦਾ ਸਿਆਸੀ, ਸਮਾਜਿਕ ਅਤੇ ਸੱਭਿਆਚਾਰਕ ਹਾਲਾਤਾਂ 'ਤੇ ਡੂੰਘੀ ਵਿਚਾਰ-ਵਟਾਂਦਰਾ ਕੀਤਾ। ਸੂਬੇ ਨੂੰ ਦਰਪੇਸ਼ ਚੁਣੌਤੀਆਂ, ਸਿੱਖ ਕੌਮ ਦੇ ਮੁੱਦਿਆਂ ਅਤੇ ਪੰਜਾਬ ਦੇ ਭਵਿੱਖ ਲਈ ਇੱਕ ਮਜ਼ਬੂਤ ਵਿਕਲਪਕ ਸਿਆਸੀ ਦਿਸ਼ਾ 'ਤੇ ਵੀ ਵਿਸਥਾਰ ਨਾਲ ਗੱਲਬਾਤ ਹੋਈ। ਮੁਲਾਕਾਤ ਦਾ ਸਭ ਤੋਂ ਮਹੱਤਵਪੂਰਨ ਪੱਖ ਉਹ ਵੇਲਾ ਰਿਹਾ ਜਦੋਂ ਸਰਦਾਰ ਜੀਵਨ ਸਿੰਘ ਤਾਮਿਲ ਨੇ ਭਾਈ ਰਣਜੀਤ ਸਿੰਘ ਨੂੰ ਸਿੱਧੀ ਸਿਆਸਤ ਵਿੱਚ ਆਉਣ ਦੀ ਜ਼ੋਰਦਾਰ ਅਪੀਲ ਕੀਤੀ। ਉਨ੍ਹਾਂ ਕਿਹਾ ਕਿ "ਪੰਜਾਬ ਨੂੰ ਮਨੁਵਾਦੀ ਸੋਚ, ਕੇਂਦਰੀ ਦਖ਼ਲਅੰਦਾਜ਼ੀ ਅਤੇ ਤਾਨਾਸ਼ਾਹੀ ਰੁਝਾਨਾਂ ਤੋਂ ਬਚਾਉਣ ਲਈ ਮਜ਼ਬੂਤ, ਨਿਡਰ ਅਤੇ ਸਿਧਾਂਤਕ ਸਿਆਸੀ ਲੀਡਰਸ਼ਿਪ ਦੀ ਲੋੜ ਹੈ। ਹੁਣ ਸਮਾਂ ਆ ਗਿਆ ਹੈ ਕਿ ਤੁਸੀਂ ਸਿੱਧੇ ਤੌਰ 'ਤੇ ਰਾਜਨੀਤੀ ਵਿੱਚ ਆ ਕੇ ਪੰਜਾਬ ਦੀ ਅਗਵਾਈ ਕਰੋ।" ਸਰਦਾਰ ਜੀਵਨ ਸਿੰਘ ਤਾਮਿਲ ਦੀ ਅਪੀਲ ਦਾ ਜਵਾਬ ਦਿੰਦਿਆਂ ਭਾਈ ਰਣਜੀਤ ਸਿੰਘ ਨੇ ਕਿਹਾ ਕਿ ਉਹ ਇਸ ਮਾਮਲੇ ਨੂੰ ਬਹੁਤ ਗੰਭੀਰਤਾ ਨਾਲ ਵਿਚਾਰ ਰਹੇ ਹਨ। ਉਨ੍ਹਾਂ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਉਹ ਪੰਜਾਬ ਦੀ ਸਿਆਸਤ ਨਾਲ ਜੁੜੀਆਂ ਕਈ ਅਹਿਮ ਸ਼ਖ਼ਸੀਅਤਾਂ ਨਾਲ ਮੁਲਾਕਾਤਾਂ ਕਰਨਗੇ ਅਤੇ ਉਸ ਤੋਂ ਬਾਅਦ ਅਗਲੀ ਰਣਨੀਤੀ ਬਾਰੇ ਫ਼ੈਸਲਾ ਲਿਆ ਜਾਵੇਗਾ। ਇਸ ਮੁਲਾਕਾਤ ਤੋਂ ਬਾਅਦ ਸਿਆਸੀ ਹਲਕਿਆਂ ਵਿੱਚ ਚਰਚਾ ਤੇਜ਼ ਹੋ ਗਈ ਹੈ ਕਿ ਕੀ ਭਾਈ ਰਣਜੀਤ ਸਿੰਘ ਜਲਦ ਹੀ ਸਿੱਧੀ ਸਿਆਸਤ ਵਿੱਚ ਉਤਰ ਕੇ ਨਵੀਂ ਸਿਆਸੀ ਧਿਰ ਜਾਂ ਵੱਡੇ ਮੋਰਚੇ ਦੀ ਅਗਵਾਈ ਕਰਨਗੇ.? ਜੇਕਰ ਅਜਿਹਾ ਹੁੰਦਾ ਹੈ ਤਾਂ ਪੰਜਾਬ ਦੀ ਮੌਜੂਦਾ ਸਿਆਸਤ ਵਿੱਚ ਨਵੇਂ ਸਮੀਕਰਨ ਬਣ ਸਕਦੇ ਹਨ ਅਤੇ ਕਈ ਰਵਾਇਤੀ ਸਿਆਸੀ ਧਿਰਾਂ ਲਈ ਇਹ ਵੱਡੀ ਚੁਣੌਤੀ ਸਾਬਤ ਹੋ ਸਕਦੀ ਹੈ। ਫ਼ਿਲਹਾਲ ਸਭ ਦੀਆਂ ਨਜ਼ਰਾਂ ਭਾਈ ਰਣਜੀਤ ਸਿੰਘ ਦੇ ਅਗਲੇ ਕਦਮ 'ਤੇ ਟਿਕੀਆਂ ਹੋਈਆਂ ਹਨ। ਜੇ ਇਹ ਮੁਲਾਕਾਤ ਕਿਸੇ ਵੱਡੇ ਸਿਆਸੀ ਫ਼ੈਸਲੇ ਦਾ ਮੁਕੱਦਮਾ ਸਾਬਤ ਹੁੰਦੀ ਹੈ, ਤਾਂ ਆਉਣ ਵਾਲੇ ਦਿਨਾਂ ਵਿੱਚ ਪੰਜਾਬ ਦੀ ਰਾਜਨੀਤੀ ਇੱਕ ਨਵੇਂ ਦੌਰ ਵਿੱਚ ਦਾਖ਼ਲ ਹੋ ਸਕਦੀ ਹੈ।

# ਜ਼ਿਲ੍ਹੇ ਭਰ 'ਚ ਬੀ.ਐਲ.ਓਜ਼. ਵੱਲੋਂ ਘਰ-ਘਰ ਜਾ ਕੇ ਐਨੂਮਰੇਸ਼ਨ ਫਾਰਮ ਵੰਡਣ ਦੀ ਮੁਹਿੰਮ ਜੋਰਾਂ 'ਤੇ- ਜ਼ਿਲ੍ਹਾ ਚੋਣ ਅਫ਼ਸਰ

ਬਠਿੰਡਾ, 27 ਜੂਨ (ਗੁਰਜੰਟ ਸਿੰਘ ਨਥੇਹਾ)- ਭਾਰਤ ਚੋਣ ਕਮਿਸ਼ਨ ਅਤੇ ਮੁੱਖ ਚੋਣ ਅਫ਼ਸਰ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਜਿਲੇ ਚ ਵਿਸ਼ੇਸ਼ ਗਹਿਰੀ ਸੁਧਾਈ ਤਹਿਤ ਯੋਗ ਵੋਟਰਾਂ ਦੀ ਜਾਣਕਾਰੀ ਨੂੰ ਸਹੀ ਅਤੇ ਅੱਪਡੇਟ ਕਰਨ ਦੇ ਉਦੇਸ਼ ਨਾਲ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓਜ਼) ਵੱਲੋਂ ਘਰ-ਘਰ ਜਾ ਕੇ ਐਨੂਮਰੇਸ਼ਨ ਫਾਰਮ ਵੰਡਣ ਦੀ ਮੁਹਿੰਮ ਸ਼ੁਰੂ ਕਰ ਦਿੱਤੀ ਗਈ ਹੈ। ਜ਼ਿਲ੍ਹਾ ਚੋਣ ਅਫ਼ਸਰ ਸ਼੍ਰੀ ਰਾਜੇਸ਼ ਧੀਮਾਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮੁਹਿੰਮ ਦਾ ਮਕਸਦ ਹਰ ਯੋਗ ਨਾਗਰਿਕ ਤੱਕ ਪਹੁੰਚ ਬਣਾਕੇ ਵੋਟਰ ਸੂਚੀ ਨੂੰ ਹੋਰ ਸਹੀ ਅਤੇ ਪਾਰਦਰਸ਼ੀ ਬਣਾਉਣਾ ਹੈ। ਬੀ.ਐਲ.ਓਜ਼ ਵੱਲੋਂ ਘਰ-ਘਰ ਜਾ ਕੇ ਪ੍ਰੀ-ਪ੍ਰਿੰਟਡ ਫਾਰਮਾਂ ਦੀ ਵੰਡ ਕੀਤੀ ਜਾ ਰਹੀ ਹੈ ਅਤੇ ਉਨ੍ਹਾਂ ਵੱਲੋਂ ਇਹ ਫਾਰਮ ਭਰਨ ਵਿੱਚ ਵੋਟਰਾਂ ਦੀ ਸਹਾਇਤਾ ਕਰਨ ਤੋਂ ਇਲਾਵਾ ਇਨ੍ਹਾਂ ਫਾਰਮਾਂ ਨੂੰ ਘਰ-ਘਰ ਜਾ ਕੇ ਵਾਪਸ ਇਕੱਤਰ ਵੀ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਘਰੋਂ-ਘਰੀ ਗਣਨਾ ਦੀ ਪ੍ਰਕਿਰਿਆ 24 ਜੁਲਾਈ 2026 ਤੱਕ ਜਾਰੀ ਰਹੇਗੀ। ਜੇਕਰ ਬੀ.ਐਲ.ਓ ਨੂੰ ਕੋਈ ਫਾਰਮ ਪ੍ਰਾਪਤ ਨਹੀਂ ਹੁੰਦਾ ਤਾਂ ਉਸ ਫਾਰਮ ਦੀ ਪ੍ਰਾਪਤੀ ਲਈ ਉਹ ਤਿੰਨ ਵਾਰ ਤੱਕ ਉਸ ਘਰ ਦਾ ਦੌਰਾ ਕਰੇਗਾ ਅਤੇ ਆਪਣੇ ਦੌਰੇ ਸਬੰਧੀ ਘਰ ਦੇ ਦਰਵਾਜ਼ੇ 'ਤੇ ਸਟਿੱਕਰ ਚਿਪਕਾ ਕੇ ਜਾਣਕਾਰੀ ਦਰਜ ਕਰੇਗਾ। ਸ਼੍ਰੀ ਰਾਜੇਸ਼ ਧੀਮਾਨ ਨੇ ਜਾਣਕਾਰੀ ਦਿੰਦੇ ਦੱਸਿਆਂ ਕਿ ਜ਼ਿਲ੍ਹੇ ਦੇ ਵਿਧਾਨ ਸਭਾ ਹਲਕਾ ਬਠਿੰਡਾ ਸ਼ਹਿਰੀ ਵਿੱਚ 244 ਬੀ.ਐਲ.ਓਜ਼. 2,23,498 ਵੋਟਰ, ਵਿਧਾਨ ਸਭਾ ਹਲਕਾ ਬਠਿੰਡਾ ਦਿਹਾਤੀ ਵਿੱਚ 170 ਬੀ.ਐਲ.ਓਜ਼. 1,57,039 ਵੋਟਰ, ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਵਿੱਚ 179 ਬੀ.ਐਲ.ਓਜ਼. 1,56,484 ਵੋਟਰ, ਵਿਧਾਨ ਸਭਾ ਹਲਕਾ ਰਾਮਪੁਰਾ ਫੂਲ ਵਿੱਚ 200 ਬੀ.ਐਲ.ਓਜ਼. ਵੱਲੋਂ 1,68,129 ਵੋਟਰ, ਵਿਧਾਨ ਸਭਾ ਹਲਕਾ ਭੁੱਚੋ ਮੰਡੀ ਵਿੱਚ 203 ਬੀ.ਐਲ.ਓਜ਼. 1,83,190 ਵੋਟਰ ਅਤੇ ਵਿਧਾਨ ਸਭਾ ਹਲਕਾ ਮੌੜ ਵਿੱਚ 196 ਬੀ.ਐਲ.ਓਜ਼. 1,64,751 ਵੋਟਰਾਂ ਤੱਕ ਪਹੁੰਚ ਬਣਾ ਰਹੇ ਹਨ। ਕੁੱਲ 1192 ਬੀ.ਐਲ.ਓਜ਼ ਜ਼ਿਲ੍ਹੇ ਦੇ 10.53 ਲੱਖ ਤੋਂ ਵੱਧ ਵੋਟਰਾਂ ਦੀ ਗਿਣਤੀ ਕਰਨਗੇ। ਜ਼ਿਲ੍ਹਾ ਚੋਣ ਅਫ਼ਸਰ ਨੇ ਸਮੂਹ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਬੀ.ਐਲ.ਓਜ਼. ਨਾਲ ਪੂਰਾ ਸਹਿਯੋਗ ਕਰਨ ਸਹੀ ਜਾਣਕਾਰੀ ਮੁਹੱਈਆ ਕਰਵਾਉਣ।

# ਇੱਕ ਨਜ਼ਰ...



## ਚਾਰਜ ਸੰਭਾਲਦਿਆਂ ਹੀ ਮੁੱਖ ਥਾਣਾ ਅਫ਼ਸਰ ਤਲਵੰਡੀ ਸਾਬੋ ਅਮਰੀਕ ਸਿੰਘ ਨੇ ਕੀਤੀ ਪ੍ਰੈਸ ਮਿਲਣੀ

### ਨਸ਼ਾ ਤਸਕਰਾਂ ਅਤੇ ਅਮਨ-ਕਾਨੂੰਨ ਭੰਗ ਕਰਨ ਵਾਲਿਆਂ ਨੂੰ ਨਹੀਂ ਬਖਸ਼ਿਆ ਜਾਵੇਗਾ, ਮੀਡੀਆ ਤੋਂ ਮੰਗਿਆ ਸਹਿਯੋਗ

ਤਲਵੰਡੀ ਸਾਬੋ, 27 ਜੂਨ (ਗੁਰਜੰਟ ਸਿੰਘ ਨਥੇਹਾ)- ਥਾਣਾ ਤਲਵੰਡੀ ਸਾਬੋ ਦੇ ਨਵੇਂ ਮੁੱਖ ਥਾਣਾ ਅਫ਼ਸਰ ਅਮਰੀਕ ਸਿੰਘ ਨੇ ਅਹੁਦੇ ਦਾ ਚਾਰਜ ਸੰਭਾਲਦਿਆਂ ਹੀ ਪੱਤਰਕਾਰਾਂ ਨਾਲ ਪ੍ਰੈਸ ਮਿਲਣੀ ਕੀਤੀ। ਇਸ ਦੌਰਾਨ ਉਨ੍ਹਾਂ ਸਭ ਤੋਂ ਪਹਿਲਾਂ ਪੱਤਰਕਾਰਾਂ ਨਾਲ ਜਾਣ-ਪਛਾਣ ਕੀਤੀ ਅਤੇ ਪੁਲਿਸ ਤੇ ਮੀਡੀਆ ਵਿਚਕਾਰ ਆਪਸੀ ਤਾਲਮੇਲ ਅਤੇ ਸਹਿਯੋਗ ਦੀ ਲੋੜ 'ਤੇ ਜ਼ੋਰ ਦਿੱਤਾ। ਮੀਡੀਆ ਨਾਲ ਗੱਲਬਾਤ ਕਰਦਿਆਂ ਮੁੱਖ ਥਾਣਾ ਅਫ਼ਸਰ ਅਮਰੀਕ ਸਿੰਘ ਨੇ ਕਿਹਾ ਕਿ ਤਲਵੰਡੀ ਸਾਬੋ ਇਲਾਕੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਹਰ ਹਾਲਤ ਵਿੱਚ ਬਰਕਰਾਰ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਜ਼ਮੀਨੀ ਪੱਧਰ 'ਤੇ ਪੂਰੀ ਸਖ਼ਤੀ ਨਾਲ ਲਾਗੂ ਕੀਤਾ ਜਾਵੇਗਾ। ਨਸ਼ਾ ਤਸਕਰਾਂ, ਨਸ਼ੇ ਦੇ ਕਾਰੋਬਾਰ ਨਾਲ ਜੁੜੇ ਵਿਅਕਤੀਆਂ ਅਤੇ ਗੈਰ-ਸਮਾਜਿਕ ਅਨਸਰਾਂ ਵਿਰੁੱਧ ਲਗਾਤਾਰ ਕਾਰਵਾਈ ਕੀਤੀ ਜਾਵੇਗੀ ਅਤੇ ਕਿਸੇ ਵੀ ਦੋਸ਼ੀ ਨੂੰ ਕਿਸੇ ਵੀ ਹਾਲਤ ਵਿੱਚ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਕਿਸੇ ਨੂੰ ਨਸ਼ਾ ਤਸਕਰੀ, ਅਪਰਾਧਿਕ ਗਤੀਵਿਧੀਆਂ ਜਾਂ ਕਿਸੇ ਵੀ ਗੈਰ-ਕਾਨੂੰਨੀ ਕੰਮ ਸਬੰਧੀ ਜਾਣਕਾਰੀ ਹੋਵੇ ਤਾਂ ਉਹ ਬਿਨਾਂ ਕਿਸੇ ਡਰ ਦੇ ਪੁਲਿਸ ਨਾਲ ਸਾਂਝੀ ਕਰਨ। ਜਾਣਕਾਰੀ ਦੇਣ ਵਾਲੇ ਵਿਅਕਤੀ ਦੀ ਪਹਿਚਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ। ਉਨ੍ਹਾਂ ਕਿਹਾ ਕਿ ਨਸ਼ਾ-ਮੁਕਤ ਅਤੇ ਅਪਰਾਧ-ਮੁਕਤ ਸਮਾਜ ਦੀ ਸਿਰਜਣਾ ਲਈ ਪੁਲਿਸ ਅਤੇ ਆਮ ਲੋਕਾਂ ਦਾ ਆਪਸੀ ਸਹਿਯੋਗ ਬਹੁਤ ਜ਼ਰੂਰੀ ਹੈ। ਐਸ.ਐਚ.ਓ. ਅਮਰੀਕ ਸਿੰਘ ਨੇ ਕਿਹਾ ਕਿ ਪੁਲਿਸ ਦਾ ਮੁੱਖ ਉਦੇਸ਼ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਨਾ ਅਤੇ ਆਮ ਲੋਕਾਂ ਨੂੰ ਇਨਸਾਫ਼ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਥਾਣੇ ਵਿੱਚ ਆਉਣ ਵਾਲੇ ਹਰ ਵਿਅਕਤੀ ਦੀ ਸ਼ਿਕਾਇਤ ਨੂੰ ਗੰਭੀਰਤਾ ਨਾਲ ਸੁਣਿਆ ਜਾਵੇਗਾ ਅਤੇ ਉਸ ਦਾ ਨਿਰਪੱਖ ਢੰਗ ਨਾਲ ਨਿਪਟਾਰਾ ਕੀਤਾ ਜਾਵੇਗਾ। ਉਨ੍ਹਾਂ ਪੱਤਰਕਾਰ ਭਾਈਚਾਰੇ ਤੋਂ ਵੀ ਅਪੀਲ ਕੀਤੀ ਕਿ ਸਮਾਜ ਵਿਰੋਧੀ ਅਨਸਰਾਂ ਅਤੇ ਨਸ਼ਾ ਤਸਕਰਾਂ ਵਿਰੁੱਧ ਚੱਲ ਰਹੀ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਪੁਲਿਸ ਦਾ ਸਹਿਯੋਗ ਕਰਨ, ਤਾਂ ਜੋ ਇਲਾਕੇ ਵਿੱਚ ਅਮਨ-ਸ਼ਾਂਤੀ ਅਤੇ ਕਾਨੂੰਨ ਦਾ ਰਾਜ ਹੋਰ ਮਜ਼ਬੂਤ ਹੋ ਸਕੇ।

## ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਵਿਖੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਅਵਤਾਰ ਪੁਰਬ 30 ਜੂਨ ਨੂੰ ਮਨਾਇਆ ਜਾਵੇਗਾ



ਚੌਕ ਮਹਿਤਾ, 27 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ)-ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਪਵਿੱਤਰ ਪਾਵਨ ਅਸਥਾਨ ਦੇ ਮੌਜੂਦਾ ਮੁੱਖੀ ਸੰਤ ਬਾਬਾ ਸੱਜਣ ਸਿੰਘ ਜੀ ਦੀ ਅਗਵਾਈ ਹੇਠ ਐਨ ਆਰ ਆਈ, ਅਤੇ ਸਮੂਹ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਅਵਤਾਰ ਦਿਹਾੜਾ 30 ਜੂਨ 2026 ਦਿਨ ਮੰਗਲਵਾਰ ਨੂੰ ਮਨਾਇਆ ਜਾ ਰਿਹਾ ਹੈ। ਇਸ ਦਿਨ ਸਵੇਰੇ 10 ਵਜੇ ਪਵਿੱਤਰ ਪਾਵਨ ਗੁਰਬਾਣੀ ਦੇ ਭੋਗ ਪਾਏ ਜਾਣਗੇ ਉਪਰੰਤ ਖੁੱਲ੍ਹੇ ਪੰਡਾਲ ਵਿੱਚ ਦੀਵਾਨ ਸਜਾਏ ਜਾਣਗੇ।ਇਸ ਦਿਨ ਗੁਰਦੁਆਰਾ ਸਾਹਿਬ ਦੀ ਦਰਸ਼ਨੀ ਡਿਓਢੀ ਅਤੇ ਜੋੜੇ ਘਰ ਦਾ ਨੀਂਹ ਪੱਥਰ ਰੱਖਿਆ ਰੱਖਿਆ ਜਾਵੇਗਾ। ਇਸ ਮੌਕੇ ਤੇ ਸੰਤ ਬਾਬਾ ਸੱਜਣ ਸਿੰਘ ਜੀ ਵੱਲੋਂ ਸਮੂਹ ਦੇਸ਼ਾਂ ਵਿਦੇਸ਼ਾਂ ਅਤੇ ਇਲਾਕੇ ਨਿਵਾਸੀਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਹਾਜ਼ਰੀਆਂ ਭਰਕੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ। ਇਸ ਮੌਕੇ ਸਿੱਖ ਪੰਥ ਦੇ ਮਹਾਨ ਵਿਦਵਾਨ ਕਥਾਵਾਚਕ,ਕੀਰਤਨੀਏ, ਕਥਾਵਾਚਕ, ਢਾਡੀ ਜੱਥੇ ਗੁਰਮਤਿ ਦੀਆਂ ਵਿਚਾਰਾਂ ਦੀ ਸਾਂਝ ਪਾਉਣਗੇ। ਠੰਢੇ ਮਿੱਠੇ ਜਲ ਛਬੀਲ, ਬਦਾਮਾਂ ਵਾਲੀ ਸਰਦਾਈ ਦੇ ਖੁੱਲ੍ਹੇ ਲੰਗਰ ਲਗਾਇਆ ਜਾਵੇਗਾ। ਸੰਤ ਬਾਬਾ ਸੱਜਣ ਸਿੰਘ ਜੀ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਵਾਲਿਆ ਵੱਲੋਂ ਸਮੂਹ ਐਨ ਆਰ ਆਈ ਅਤੇ ਸਮੂਹ ਇਲਾਕਾ ਨਿਵਾਸੀਆਂ ਸੰਗਤਾਂ ਆਪਣੀ ਕਿਰਤ ਕਮਾਈ ਵਿੱਚੋਂ ਤਨ ਮਨ ਧੰਨ ਦੀ ਸੇਵਾ ਕਰਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕਰਨ।

## ਗ਼ਜ਼ਲ



ਮੈਂ ਮੁਸੀਬਤ ਦੇਖ ਕੇ ਮੰਨੀ, ਕਦੇ ਵੀ ਹਾਰ ਨਹੀਂ।
ਸੱਚ ਦੇ ਰਾਹਾਂ ਤੋਂ ਪਿੱਛੇ, ਹਟਣ ਦਾ ਕਦੀ ਵਿਚਾਰ ਨਹੀਂ।
ਦੋਸਤੀ ਦੇ ਨਾਮ ਉੱਤੇ, ਜਾਨ ਵੀ ਇਹ ਹਾਜ਼ਰ ਰਹੇ,
ਧੋਖੇਬਾਜ਼ੀ ਦਾ ਮੇਰੇ ਦਿਲ ਵਿੱਚ, ਕੋਈ ਸਤਿਕਾਰ ਨਹੀਂ।
ਮਿਹਨਤਾਂ ਦੇ ਨਾਲ ਲਿਖੀ ਹੈ, ਮੁਕੱਦਰ ਦੀ ਕਿਤਾਬ,
ਕਿਸਮਤਾਂ ਦੇ ਆਸਰੇ ਬੈਠਾ, ਮੈਂ ਕੋਈ ਲਾਚਾਰ ਨਹੀਂ।
ਹੱਕ ਦੀ ਖ਼ਾਤਰ ਹਮੇਸ਼ਾ ਤਣ ਕੇ, ਮੈਂ ਖੜ੍ਹਦਾ ਰਿਹਾਂ,
ਝੂਠ ਦੇ ਅੱਗੇ ਝੁਕਾਵਾਂ ਸਿਰ, ਮੈਂ ਉਹ ਗੱਦਾਰ ਨਹੀਂ।
ਪਿੰਡ ਦੀ ਮਿੱਟੀ ਦੀ ਖ਼ੁਸ਼ਬੂ, ਸਾਹਾਂ ਦੇ ਵਿੱਚ ਵੱਸਦੀ,
ਸ਼ਹਿਰ ਦੀ ਚਕਾਚੌਂਧ ਦਾ, ਦਿਲ 'ਤੇ ਕੋਈ ਖ਼ੁਮਾਰ ਨਹੀਂ।
ਜ਼ਿੰਦਗੀ ਦੇ ਤਜਰਬੇ ਨੇ, ਬਹੁਤ ਕੁਝ ਸਿਖਾ ਦਿੱਤਾ ਐ,
ਐਵੇਂ ਗੱਲਾਂ ਨਾਲ ਬਣਦਾ, ਕੋਈ ਵੀ ਹੁਸ਼ਿਆਰ ਨਹੀਂ।
ਅਣਖਾਂ ਦੇ ਨਾਲ ਜਿਉਂਦੈ, 'ਸੋਹਲ' ਪਿੰਡ 'ਨਥੇਹੇ' ਦਾ,
ਰੱਬ ਤੋਂ ਬਿਨ ਝੁਕਦਾ ਕਿਤੇ ਵੀ, ਇਹ ਤੇਰਾ ਸਿਰਦਾਰ ਨਹੀਂ।

**ਲੇਖਕ ਗੁਰਜੰਟ ਸਿੰਘ ਸੋਹਲ ਨਥੇਹਾ, ਪਿੰਡ ਨਥੇਹਾ (ਬਠਿੰਡਾ)**
**ਸੰਪਰਕ: 8968727272**

# ਬਲ ਮਲਕੀਤ ਸਿੰਘ ਨੇ ਸਰਕਾਰ ਨੂੰ ਟਰਾਂਸਪੋਰਟ ਉਦਯੋਗ ਅਤੇ ਆਮ ਜਨਤਾ ਨੂੰ ਰਾਹਤ ਪ੍ਰਦਾਨ ਕਰਨ ਦੀ ਕੀਤੀ ਅਪੀਲ

## ਡੀਜ਼ਲ ਦੀਆਂ ਕੀਮਤਾਂ ਵਿੱਚ ਤੁਰੰਤ ਕਮੀ ਦੀ ਮੰਗ



ਚੌਕ ਮਹਿਤਾ, 27 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)- ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਕੀਮਤਾਂ 70 ਅਮਰੀਕੀ ਡਾਲਰ ਪ੍ਰਤੀ ਬੈਰਲ ਤੋਂ ਹੇਠਾਂ ਆਉਣ ਅਤੇ ਯੁੱਧ ਤੋਂ ਪਹਿਲਾਂ ਦੇ ਪੱਧਰ 'ਤੇ ਪਹੁੰਚਣ ਦੇ ਨਾਲ, ਸੜਕ ਆਵਾਜਾਈ ਉਦਯੋਗ ਨੇ ਕੇਂਦਰ ਸਰਕਾਰ ਨੂੰ ਡੀਜ਼ਲ ਦੀਆਂ ਕੀਮਤਾਂ ਨੂੰ ਤੁਰੰਤ ਘਟਾ ਕੇ ਟਰਾਂਸਪੋਰਟ ਖੇਤਰ ਅਤੇ ਆਮ ਜਨਤਾ ਨੂੰ ਰਾਹਤ ਪ੍ਰਦਾਨ ਕਰਨ ਦੀ ਅਪੀਲ ਕੀਤੀ ਹੈ ਆਲ ਇੰਡੀਆ ਮੋਟਰ ਟ੍ਰਾਂਸਪੋਰਟ ਕਾਂਗਰਸ ਦੇ ਸਲਾਹਕਾਰ ਅਤੇ ਸਾਬਕਾ ਪ੍ਰਧਾਨ ਬਲ ਮਲਕੀਤ ਸਿੰਘ ਨੇ ਇਸ ਸਬੰਧ ਵਿੱਚ ਕੇਂਦਰੀ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰੀ ਨੂੰ ਇੱਕ ਪੱਤਰ ਲਿਖਿਆ ਹੈ, ਜਿਸ ਵਿੱਚ ਅੰਤਰਰਾਸ਼ਟਰੀ ਕੀਮਤਾਂ ਵਿੱਚ ਗਿਰਾਵਟ ਦੇ ਲਾਭ ਦੇਸ਼ ਦੇ ਟਰਾਂਸਪੋਰਟ ਉਦਯੋਗ ਅਤੇ ਖਪਤਕਾਰਾਂ ਤੱਕ ਪਹੁੰਚਾਉਣ ਦੀ ਅਪੀਲ ਕੀਤੀ ਹੈ। ਇਸ ਮੌਕੇ 'ਤੇ ਬੋਲਦਿਆਂ ਬਲ ਮਲਕੀਤ ਸਿੰਘ ਨੇ ਕਿਹਾ, "ਜਦੋਂ ਅੰਤਰਰਾਸ਼ਟਰੀ ਪੱਧਰ 'ਤੇ ਕੱਚੇ ਤੇਲ ਦੀਆਂ ਕੀਮਤਾਂ ਵਧੀਆਂ, ਤਾਂ ਦੇਸ਼ ਵਿੱਚ ਡੀਜ਼ਲ ਦੀਆਂ ਕੀਮਤਾਂ ਲਗਾਤਾਰ ਵਧਦੀਆਂ ਰਹੀਆਂ। ਹੁਣ ਜਦੋਂ ਕੱਚੇ ਤੇਲ ਦੀਆਂ ਕੀਮਤਾਂ ਯੁੱਧ ਤੋਂ ਪਹਿਲਾਂ ਦੇ ਪੱਧਰ 'ਤੇ ਵਾਪਸ ਆ ਗਈਆਂ ਹਨ, ਤਾਂ ਲਾਭ ਬਿਨਾਂ ਕਿਸੇ ਦੇਰੀ ਦੇ ਦਿੱਤੇ ਜਾ ਰਹੇ ਹਨ।" ਟਰਾਂਸਪੋਰਟ ਉਦਯੋਗ ਅਤੇ ਆਮ ਜਨਤਾ ਨੂੰ ਬਿਨਾਂ ਦੇਰੀ ਦੇ ਰਾਹਤ ਪਹੁੰਚਾਈ ਜਾਣੀ ਚਾਹੀਦੀ ਹੈ। ਰਾਹਤ ਵਿੱਚ ਦੇਰੀ ਕਰਨਾ ਰਾਹਤ ਤੋਂ ਇਨਕਾਰ ਕਰਨ ਦੇ ਬਰਾਬਰ ਹੈ ਉਨ੍ਹਾਂ ਕਿਹਾ ਕਿ ਵਪਾਰਕ ਵਾਹਨਾਂ ਦੇ ਕੁੱਲ ਸੰਚਾਲਨ ਖਰਚਿਆਂ ਦਾ ਲਗਭਗ 55-60 ਪ੍ਰਤੀਸ਼ਤ ਸਿਰਫ਼ ਡੀਜ਼ਲ 'ਤੇ ਖਰਚ ਹੁੰਦਾ ਹੈ। ਹਾਲ ਹੀ ਦੇ ਸਾਲਾਂ ਵਿੱਚ ਡੀਜ਼ਲ ਦੀਆਂ ਲਗਾਤਾਰ ਵਧਦੀਆਂ ਕੀਮਤਾਂ ਨੇ ਖਾਸ ਤੌਰ 'ਤੇ ਛੋਟੇ ਅਤੇ ਦਰਮਿਆਨੇ ਸੜਕ ਆਵਾਜਾਈ ਸੰਚਾਲਕਾਂ ਦੀ ਵਿੱਤੀ ਸਥਿਤੀ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ। ਉਨ੍ਹਾਂ ਅੱਗੇ ਕਿਹਾ ਕਿ ਡੀਜ਼ਲ ਦੀਆਂ ਕੀਮਤਾਂ ਵਿੱਚ ਵਾਧੇ ਦਾ ਪ੍ਰਭਾਵ ਸਿਰਫ਼ ਬਾਲਣ ਤੱਕ ਸੀਮਤ ਨਹੀਂ ਹੈ, ਸਗੋਂ ਸਮੁੱਚੇ ਆਵਾਜਾਈ ਸੰਚਾਲਨ ਦੀ ਲਾਗਤ ਵਿੱਚ ਕਾਫ਼ੀ ਵਾਧਾ ਹੋਇਆ ਹੈ। ਟਾਇਰ, ਲੁਬਰੀਕੈਂਟ, ਏਡਬਲਯੂ, ਸਪੇਅਰ ਪਾਰਟਸ, ਚੈਸੀ, ਬੀਮਾ ਪ੍ਰੀਮੀਅਮ, ਟੋਲ, ਪਰਮਿਟ, ਡਰਾਈਵਰ ਦੀਆਂ ਤਨਖਾਹਾਂ, ਰੋਜ਼ਾਨਾ ਭੱਤੇ, ਵਿੱਤ ਲਾਗਤਾਂ, ਈਐਮਆਈ, ਪਾਲਣਾ ਖਰਚੇ, ਅਤੇ ਹੋਰ ਸਾਰੇ ਸੰਚਾਲਨ ਖਰਚਿਆਂ ਵਿੱਚ ਕਾਫ਼ੀ ਵਾਧਾ ਹੋਇਆ ਹੈ ਬਲ ਮਲਕੀਤ ਸਿੰਘ ਨੇ ਕਿਹਾ, "ਜਦੋਂ ਕਿ ਸੰਚਾਲਨ ਲਾਗਤਾਂ ਲਗਾਤਾਰ ਵੱਧ ਰਹੀਆਂ ਹਨ, ਜ਼ਿਆਦਾਤਰ ਖੇਤਰਾਂ ਵਿੱਚ ਭਾੜੇ ਦੀਆਂ ਦਰਾਂ ਸਥਿਰ ਹਨ ਜਾਂ ਮੁਕਾਬਲੇ ਕਾਰਨ ਦਬਾਅ ਹੇਠ ਹਨ। ਨਤੀਜੇ ਵਜੋਂ, ਟਰਾਂਸਪੋਰਟ ਕੰਪਨੀਆਂ ਨੂੰ ਭਾਰੀ ਨਕਦੀ ਦੀ ਘਾਟ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜਿਸ ਨਾਲ ਈਐਮਆਈ ਅਤੇ ਹੋਰ ਵਿੱਤੀ ਜ਼ਿੰਮੇਵਾਰੀਆਂ ਨੂੰ ਪੂਰਾ ਕਰਨਾ ਮੁਸ਼ਕਲ ਹੋ ਰਿਹਾ ਹੈ।÷ ਉਨ੍ਹਾਂ ਕਿਹਾ ਕਿ ਭਾਰਤ ਵਿੱਚ ਘਰੇਲੂ ਮਾਲ ਢੋਆ-ਢੁਆਈ ਦਾ 70 ਪ੍ਰਤੀਸ਼ਤ ਤੋਂ ਵੱਧ ਸੜਕੀ ਰਸਤਾ ਹੈ। ਇਸ ਲਈ, ਆਵਾਜਾਈ ਖੇਤਰ ਦੀ ਆਰਥਿਕ ਸਿਹਤ ਸਿੱਧੇ ਤੌਰ 'ਤੇ ਉਦਯੋਗ, ਖੇਤੀਬਾੜੀ, ਨਿਰਯਾਤ ਅਤੇ ਆਯਾਤ, ਜ਼ਰੂਰੀ ਵਸਤੂਆਂ ਦੀ ਸਪਲਾਈ, ਲੌਜਿਸਟਿਕਸ ਲਾਗਤਾਂ ਅਤੇ ਰਾਸ਼ਟਰੀ ਅਰਥਵਿਵਸਥਾ ਨੂੰ ਪ੍ਰਭਾਵਤ ਕਰਦੀ ਹੈ। ਉਨ੍ਹਾਂ ਕੇਂਦਰ ਸਰਕਾਰ ਤੋਂ ਹੇਠ ਲਿਖੀਆਂ ਮੰਗਾਂ ਕੀਤੀਆਂ:

ਅੰਤਰਰਾਸ਼ਟਰੀ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਗਿਰਾਵਟ ਦੇ ਅਨੁਸਾਰ ਡੀਜ਼ਲ ਦੀਆਂ ਕੀਮਤਾਂ ਨੂੰ ਤੁਰੰਤ ਘਟਾਇਆ ਜਾਣਾ ਚਾਹੀਦਾ ਹੈ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਇਸ ਕਟੌਤੀ ਦੇ ਲਾਭ ਟਰਾਂਸਪੋਰਟ ਉਦਯੋਗ ਅਤੇ ਖਪਤਕਾਰਾਂ ਨੂੰ ਦਿੱਤੇ ਜਾਣੇ ਚਾਹੀਦੇ ਹਨ। ਟੈਕਸਾਂ ਦੇ ਦੋਹਰੇ ਪ੍ਰਭਾਵ ਨੂੰ ਖਤਮ ਕਰਨ ਲਈ ਡੀਜ਼ਲ ਨੂੰ ਜੀਐਸਟੀ ਦੇ ਦਾਇਰੇ ਵਿੱਚ ਲਿਆਂਦਾ ਜਾਣਾ ਚਾਹੀਦਾ ਹੈ। ਏਕ ਰਾਸ਼ਟਰ - ਇੱਕ ਟੈਕਸ - ਇੱਕ ਇਕਸਾਰ ਡੀਜ਼ਲ ਕੀਮਤ" ਪ੍ਰਣਾਲੀ ਨੂੰ ਦੇਸ਼ ਭਰ ਵਿੱਚ ਲਾਗੂ ਕੀਤਾ ਜਾਣਾ ਚਾਹੀਦਾ ਹੈ। ਵਪਾਰਕ ਵਾਹਨਾਂ ਲਈ ਨਿਰਵਿਘਨ ਅਤੇ ਲੋੜੀਂਦੀ ਬਾਲਣ ਉਪਲਬਧਤਾ ਯਕੀਨੀ ਬਣਾਈ ਜਾਣੀ ਚਾਹੀਦੀ ਹੈ ਅੰਤ ਵਿੱਚ ਬਲ ਮਲਕੀਤ ਸਿੰਘ ਨੇ ਕਿਹਾ, "ਦੇਸ਼ ਵਿੱਚ ਲੌਜਿਸਟਿਕਸ ਲਾਗਤਾਂ ਨੂੰ ਘਟਾਉਣਾ ਇੱਕ ਰਾਸ਼ਟਰੀ ਤਰਜੀਹ ਹੈ। ਕਿਫਾਇਤੀ ਅਤੇ ਪਹੁੰਚਯੋਗ ਡੀਜ਼ਲ ਟ੍ਰਾਂਸਪੋਰਟ ਉਦਯੋਗ ਨੂੰ ਮੁੜ ਸੁਰਜੀਤ ਕਰੇਗਾ, ਸਪਲਾਈ ਲੜੀ ਨੂੰ ਮਜ਼ਬੂਤ ??ਕਰੇਗਾ, ਉਦਯੋਗਿਕ ਮੁਕਾਬਲੇਬਾਜ਼ੀ ਨੂੰ ਵਧਾਏਗਾ, ਅਤੇ ਅੰਤ ਵਿੱਚ ਦੇਸ਼ ਦੇ ਹਰ ਨਾਗਰਿਕ ਨੂੰ ਲਾਭ ਪਹੁੰਚਾਏਗਾ।" ਇੱਕ ਮਜ਼ਬੂਤ ਆਵਾਜਾਈ ਪ੍ਰਣਾਲੀ ਇੱਕ ਮਜ਼ਬੂਤ ਅਰਥਵਿਵਸਥਾ ਦੀ ਨੀਂਹ ਹੈ।

# 2027 ਦੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਕਾਂਗਰਸ ਨੇ ਤਲਵੰਡੀ ਸਾਬੋ ਵਿੱਚ ਖੋਲ੍ਹਿਆ ਪਾਰਟੀ ਦਫ਼ਤਰ

## ਸ਼੍ਰੀਮਤੀ ਆਸ਼ਾ ਰਾਣੀ ਨੇ ਰਿਬਨ ਕੱਟ ਕੇ ਕੀਤਾ ਉਦਘਾਟਨ, ਡੋਰ-ਟੂ-ਡੋਰ ਮੁਹਿੰਮ ਦਾ





ਤਲਵੰਡੀ ਸਾਬੋ, 27 ਜੂਨ (ਗੁਰਜੰਟ ਸਿੰਘ ਨਥੇਹਾ)- ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਤਲਵੰਡੀ ਸਾਬੋ ਦੇ ਸੀਨੀਅਰ ਕਾਂਗਰਸੀ ਆਗੂ ਅਤੇ ਮੁੱਖ ਸੇਵਾਦਾਰ ਕ੍ਰਿਸ਼ਨ ਸਿੰਘ ਭਾਗੀਵਾਂਦਰ ਵੱਲੋਂ ਅੱਜ ਕਾਂਗਰਸ ਪਾਰਟੀ ਦਾ ਨਵਾਂ ਦਫ਼ਤਰ ਖੋਲ੍ਹਿਆ ਗਿਆ। ਦਫ਼ਤਰ ਦਾ ਉਦਘਾਟਨ ਸੀਨੀਅਰ ਕਾਂਗਰਸੀ ਆਗੂ ਸ਼੍ਰੀਮਤੀ ਆਸ਼ਾ ਰਾਣੀ ਨੇ ਰਿਬਨ ਕੱਟ ਕੇ ਕੀਤਾ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਕਿਹਾ ਕਿ ਇਹ ਦਫ਼ਤਰ ਕਿਸੇ ਇੱਕ ਵਿਅਕਤੀ ਦਾ ਨਹੀਂ, ਸਗੋਂ ਸਮੁੱਚੀ ਕਾਂਗਰਸ ਪਾਰਟੀ ਦਾ ਦਫ਼ਤਰ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦਾ ਕੋਈ ਵੀ ਆਗੂ ਜਾਂ ਵਰਕਰ ਇੱਥੇ ਆ ਕੇ ਲੋਕਾਂ ਦੀਆਂ ਸਮੱਸਿਆਵਾਂ ਸੁਣ ਸਕਦਾ ਹੈ ਅਤੇ ਉਨ੍ਹਾਂ ਦੇ ਹੱਲ ਲਈ ਯਤਨ ਕਰ ਸਕਦਾ ਹੈ। ਉਨ੍ਹਾਂ ਦੱਸਿਆ ਕਿ ਅਗਲੇ ਪੰਦਰਾਂ ਦਿਨਾਂ ਦੌਰਾਨ ਕਾਂਗਰਸ ਦੀ ਸਮੁੱਚੀ ਟੀਮ ਵੱਲੋਂ ਹਲਕੇ ਦੇ ਹਰ ਪਿੰਡ ਅਤੇ ਹਰ ਘਰ ਤੱਕ ਪਹੁੰਚ ਕਰਨ ਲਈ ਡੋਰ-ਟੂ-ਡੋਰ ਮੁਹਿੰਮ ਚਲਾਈ ਜਾਵੇਗੀ। ਇਸ ਮੁਹਿੰਮ ਦਾ ਉਦੇਸ਼ ਲੋਕਾਂ ਦੀਆਂ ਮੁਸ਼ਕਲਾਂ ਨੂੰ ਨੇੜੇ ਤੋਂ ਜਾਣਨਾ, ਉਨ੍ਹਾਂ ਨੂੰ ਸੁਣਨਾ ਅਤੇ ਉਨ੍ਹਾਂ ਦੇ ਹੱਲ ਲਈ ਯੋਜਨਾਬੱਧ ਢੰਗ ਨਾਲ ਕੰਮ ਕਰਨਾ ਹੋਵੇਗਾ। ਪੰਜਾਬ ਦੇ ਮੁੱਖ ਮੰਤਰੀ ਨਾਲ ਜੋੜੀ ਇੱਕ ਵਾਇਰਲ ਵੀਡੀਓ ਸਬੰਧੀ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਦਾਅਵਾ ਕੀਤਾ ਕਿ ਉਹ ਵੀਡੀਓ ਮੁੱਖ ਮੰਤਰੀ ਭਗਵੰਤ ਮਾਨ ਦੀ ਹੈ। ਉਨ੍ਹਾਂ ਕਿਹਾ ਕਿ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਜਾਰੀ ਕੀਤੇ ਗਏ ਫ਼ੁਰਮਾਨ ਦਾ ਸਤਿਕਾਰ ਕਰਦਿਆਂ ਮੁੱਖ ਮੰਤਰੀ ਦਾ ਬਾਈਕਾਟ ਕੀਤਾ ਜਾਣਾ ਚਾਹੀਦਾ ਹੈ ਅਤੇ ਉਨ੍ਹਾਂ ਨੂੰ ਆਪਣੇ ਅਹੁਦੇ ਤੋਂ ਅਸਤੀਫ਼ਾ ਦੇ ਦੇਣਾ ਚਾਹੀਦਾ ਹੈ। ਇਸ ਮੌਕੇ ਕਾਂਗਰਸ ਦੇ ਵਰਕਰਾਂ, ਆਗੂਆਂ ਅਪੀਲ ਕੀਤੀ ਕਿ ਕਾਂਗਰਸ ਪਾਰਟੀ ਨੂੰ ਗਰੁੱਪਾਂ 'ਚ ਨਾ ਵੰਡਿਆ ਜਾਵੇ ਕਿਉਂਕਿ ਲੀਡਰ ਆਉਂਦੇ ਜਾਂਦੇ ਰਹਿੰਦੇ ਹਨ ਕਿਉਂਕਿ ਇਸ ਗਰੁੱਪਬਾਜੀ ਨੇ ਆਪਾਂ ਪਹਿਲਾਂ ਵੀ ਕਈ ਵਾਰੀ ਨੁਕਸਾਨ ਕਰਵਾਇਆ ਹੈ, ਇਸ ਕਰਕੇ ਆਓ ਆਪਾਂ ਸਾਰੇ ਇੱਕਠੇ ਹੋਕੇ ਆਉਣ ਵਾਲੀਆਂ 2027 ਦੀਆਂ ਚੋਣਾਂ ਜਿੱਤ ਸਕੀਏ। ਇਸ ਮੌਕੇ ਦਿਲਪ੍ਰੀਤ ਸਿੰਘ ਜਗਾ ਰਾਮ ਤੀਰਥ, ਸਾਬਕਾ ਬਲਾਕ ਪ੍ਰਧਾਨ ਬਲਵਿੰਦਰ ਸਿੰਘ ਸਿੰਗੋ, ਜਗਤਾਰ ਸਿੰਘ ਮੈਨੂੰਆਣਾ, ਜਿਲਾ ਉਪ ਪ੍ਰਧਾਨ ਰਣਵੀਰ ਸਿੰਘ ਸੇਖਪੁਰਾ, ਸੁਖਦੇਵ ਰਾਮ ਸ਼ਰਮਾ, ਮੇਜਰ ਸਿੰਘ ਜਗਾ ਰਾਮ ਤੀਰਥ, ਰਾਮ ਸਿੰਘ ਲੇਲੇਵਾਲਾ, ਤਰਲੋਕ ਸਿੰਘ ਨੰਬਰਦਾਰ ਭਾਗੀਵਾਂਦਰ, ਬਲਜੀਤ ਸਿੰਘ, ਗੁਰਪ੍ਰੀਤ ਸਿੰਘ, ਮਨਪ੍ਰੀਤ ਸਿੰਘ ਯੂਥ ਆਗੂ, ਜਸਵਿੰਦਰ ਸਿੰਘ ਭਵਾਨਪੁਰਾ, ਜੋਧਾ ਸਿੰਘ ਨਵਾਂ ਪਿੰਡ, ਸੁਰਿੰਦਰ ਸ਼ਰਮਾ ਤਲਵੰਡੀ ਸਾਬੋ, ਵਿਕਾਸ ਸ਼ਰਮਾ ਤਲਵੰਡੀ ਸਾਬੋ, ਬਿਕਰਮਜੀਤ ਸਿੰਘ ਬੱਬਰ, ਜਸਵੀਰ ਸਿੰਘ, ਪਰਮਜੀਤ ਸਿੰਘ, ਕੁਲਵੰਤ ਸਿੰਘ ਗੋਲਡੀ ਸ਼ੇਖਪੁਰਾ, ਜਸਵਿੰਦਰ ਸ਼ਰਮਾ ਤਲਵੰਡੀ ਸਾਬੋ, ਬਾਬਾ ਜੀਵਨ ਖਾਨ ਭਾਗੀਵਾਂਦਰ, ਸ਼ਿਵ ਜੀ ਰਾਮ ਮਿੱਤਲ ਰਾਮਾ ਮੰਡੀ, ਮਨਦੀਪ ਸਿੰਘ ਰਾਮਾ ਪਿੰਡ, ਰਾਜ ਸਿੰਘ ਭੰਮ, ਪਿਰਤਪਾਲ ਸਿੰਘ ਕਾਂਗਰਸੀ ਆਗੂ, ਵਰਕਰ ਅਤੇ ਇਲਾਕੇ ਦੇ ਪਤਵੰਤੇ ਹਾਜ਼ਰ ਸਨ।

# ਐਚਐਮਈਐਲ ਵੱਲੋਂ ਸੜਕ ਸੁਰੱਖਿਆ ਅਤੇ ਸੁਰੱਖਿਅਤ ਪਰਿਚਾਲਨ ਨੂੰ ਉਤਸ਼ਾਹਿਤ ਕਰਨ ਲਈ ਨਸ਼ਾ ਮੁਕਤੀ ਜਾਗਰੂਕਤਾ ਮੁਹਿੰਮ ਦਾ ਆਯੋਜਨ

ਤਲਵੰਡੀ ਸਾਬੋ, 27 ਜੂਨ (ਗੁਰਜੰਟ ਸਿੰਘ ਨਥੇਹਾ)- ਸੜਕ ਸੁਰੱਖਿਆ, ਕਰਮਚਾਰੀਆਂ ਦੀ ਸਿਹਤ ਅਤੇ ਜ਼ਿੰਮੇਵਾਰ ਆਵਾਜਾਈ ਸੰਸਕ੍ਰਿਤੀ ਪ੍ਰਤੀ ਆਪਣੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦੇ ਹੋਏ ਐਚਐਮਈਐਲ ਨੇ ਅੰਤਰਰਾਸ਼ਟਰੀ ਨਸ਼ਾ ਅਤੇ ਗੈਰਕਾਨੂੰਨੀ ਤਸਕਰੀ ਵਿਰੋਧੀ ਦਿਵਸ ਦੇ ਮੌਕੇ 'ਤੇ ਗੁਰੂ ਗੋਬਿੰਦ ਸਿੰਘ ਰਿਫਾਈਨਰੀ ਫੁੱਲੋਖਾਰੀ (ਤਲਵੰਡੀ ਸਾਬੋ) ਵਿੱਚ ਇੱਕ ਵਿਸਤ੍ਰਿਤ ਨਸ਼ਾ ਮੁਕਤੀ ਜਾਗਰੂਕਤਾ ਮੁਹਿੰਮ ਦਾ ਆਯੋਜਨ ਕੀਤਾ। ਇਹ ਪ੍ਰੋਗਰਾਮ ਨੈਸ਼ਨਲ ਏਡਜ਼ ਕੰਟਰੋਲ ਆਰਗੇਨਾਈਜ਼ੇਸ਼ਨ ਅਤੇ ਨੈਸ਼ਨਲ ਹੈਲਥ ਮਿਸ਼ਨ, ਪੰਜਾਬ ਸਰਕਾਰ ਦੇ ਸਹਿਯੋਗ ਨਾਲ ਕਰਵਾਇਆ ਗਿਆ, ਜਿਸ ਵਿੱਚ ਟੈਂਕਰ ਟਰੱਕ ਡਰਾਈਵਰਾਂ, ਹੈਲਪਰਾਂ, ਟਰਾਂਸਪੋਰਟ ਕਰਮਚਾਰੀਆਂ ਅਤੇ ਐਚਐਮਈਐਲ ਨਾਲ ਜੁੜੇ ਸਹਿਕਰਮੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਹ ਮੁਹਿੰਮ ਵਿਸ਼ਵ ਪੱਧਰੀ ਥੀਮ "ਨਸ਼ਾ-ਮੁਕਤ ਸਮਾਜ ਲਈ ਇਕੱਠੇ ਹੋਈਏ: ਰੋਕਥਾਮ, ਜਾਗਰੂਕਤਾ ਅਤੇ ਜ਼ਿੰਮੇਵਾਰੀ" ਦੇ ਅਨੁਸਾਰ ਆਯੋਜਿਤ ਕੀਤੀ ਗਈ। ਪ੍ਰੋਗਰਾਮ ਵਿੱਚ ਡਾ. ਸ਼ੀਨੂ ਗੁਲਿਆਨਾ (ਏਆਰਟੀ ਸੈਂਟਰ), ਡਾ. ਜੋਤੀ (ਆਈਸੀਟੀਸੀ ਸੈਂਟਰ, ਸਿਵਲ ਹਸਪਤਾਲ ਬਠਿੰਡਾ), ਸ਼੍ਰੀਮਤੀ ਨਗੀਨਾ ਅਤੇ ਸ਼੍ਰੀ ਅਮਨਦੀਪ (ਆਈਸੀਟੀਸੀ, ਤਲਵੰਡੀ ਸਾਬੋ) ਨੇ ਵਿਸ਼ੇਸ਼ਗਿਆ ਵਜੋਂ ਹਿੱਸਾ ਲਿਆ। ਇਸ ਮੌਕੇ ਐਚਐਮਈਐਲ ਦੇ ਵਾਈਸ ਪ੍ਰੈਜ਼ੀਡੈਂਟ ਓਪਰੇਸ਼ਨਲ ਐਕਸੀਲੈਂਸ ਸ਼੍ਰੀ ਅਰੁਣ ਭਾਰਦਵਾਜ ਅਤੇ ਸ਼੍ਰੀ ਗੁਲਸ਼ਨ ਗੋਮਬਰ ਵੀ ਮੌਜੂਦ ਸਨ। ਆਪਣੇ ਸੰਬੋਧਨ ਦੌਰਾਨ ਡਾ. ਜੋਤੀ ਨੇ ਨਸ਼ੀਲੇ ਪਦਾਰਥਾਂ ਦੀ ਵਰਤੋਂ ਦੇ ਮੁੱਖ ਕਾਰਣਾਂ, ਇਸ ਨਾਲ ਜੁੜੇ ਕਾਨੂੰਨੀ ਪ੍ਰਾਵਧਾਨਾਂ ਅਤੇ ਵਿਅਕਤੀ, ਪਰਿਵਾਰ ਅਤੇ ਸਮਾਜ 'ਤੇ ਪੈਣ ਵਾਲੇ ਗੰਭੀਰ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਨਸ਼ਾ ਸਿਰਫ਼ ਵਿਅਕਤੀ ਦੀ ਸਿਹਤ ਹੀ ਨਹੀਂ, ਸਗੋਂ ਸਮਾਜਿਕ ਅਤੇ ਆਰਥਿਕ ਵਿਕਾਸ ਲਈ ਵੀ ਇੱਕ ਵੱਡੀ ਚੁਣੌਤੀ ਹੈ। ਉਨ੍ਹਾਂ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਨਸ਼ਾ ਮੁਕਤੀ ਜਾਗਰੂਕਤਾ ਅਤੇ ਪੁਨਰਵਾਸ ਪ੍ਰੋਗਰਾਮਾਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ ਅਤੇ ਸਾਰੇ ਭਾਗੀਦਾਰਾਂ ਨੂੰ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਵਿੱਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਡਾ. ਸ਼ੀਨੂ ਗੁਲਿਆਨਾ ਨੇ ਕਿਹਾ ਕਿ ਨਸ਼ੀਲੇ ਪਦਾਰਥਾਂ ਦੀ ਲਤ ਅੱਜ ਸਮਾਜ ਲਈ ਇੱਕ ਗੰਭੀਰ ਜਨ ਸਿਹਤ ਚੁਣੌਤੀ ਹੈ।

## ਇੱਕ ਨਜ਼ਰ . . .



# ਹਲਕਾ ਮਜੀਠਾ ਦੇ ਬਲਾਕ 2 ਦੇ ਚੇਅਰਮੈਨ ਸਰਦਾਰਨੀ ਨਰਿੰਦਰ ਕੌਰ ਭੋਏਵਾਲ ਨੇ ਸੰਭਾਲਿਆ ਅਹੁਦਾ

### ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਬਿਠਾਇਆ ਕੁਰਸੀ ਤੇ

ਚੌਕ ਮਹਿਤਾ,27 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਹਲਕਾ ਮਜੀਠਾ ਦੇ ਵਿੱਚ ਅੱਜ ਨਵੇਂ ਬੀ.ਡੀ.ਪੀ.ਓ.ਦਫ਼ਤਰ ਬਾਲਕ ਮਜੀਠਾ--2 ਮੱਤੇਵਾਲ ਵਿਖੇ ਸਿੱਕਦਰ ਸਿੰਘ ਭੋਏਵਾਲ ਦੇ ਸਤਿਕਾਰ ਯੋਗ ਮਾਤਾ ਅਤੇ ਸਰਪੰਚ ਸੁਰਜੀਤ ਸਿੰਘ ਭੋਏਵਾਲ ਦੇ ਸਤਿਕਾਰ ਯੋਗ ਚਾਚੀ ਜੀ ਸਰਦਾਰਨੀ ਨਰਿੰਦਰ ਕੌਰ ਭੋਏਵਾਲ ਦੀ ਚੇਅਰਮੈਨ ਵਜੋਂ ਹੋਈ ਤਾਜਪੋਸ਼ੀ ਸਮਾਰੋਹ ਹੋਇਆ ਜਿਸ ਵਿਚ ਵਿਧਾਨ ਸਭਾ ਹਲਕਾ ਮਜੀਠਾ ਦੇ ਆਮ ਆਦਮੀ ਪਾਰਟੀ ਵੱਲੋਂ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋਂ ਵੀ ਹਾਜ਼ਰੀ ਭਰ ਕੇ ਚੇਅਰਮੈਨ ਸਰਦਾਰਨੀ ਨਰਿੰਦਰ ਕੌਰ ਭੋਏਵਾਲ ਨੂੰ ਵਧਾਈ ਦਿੰਦੇਆਂ ਉਹਨਾਂ ਨੂੰ ਕੁਰਸੀ ਤੇ ਬਿਠਾਇਆ ਅਤੇ ਉਨਾਂ ਨੂੰ ਸਨਮਾਨਿਤ ਕਰਦਿਆਂ ਮੂੰਹ ਮਿੱਠਾ ਕਰਵਾਇਆ । ਇਸ ਮੌਕੇ ਤੇ ਸੰਬੋਧਨ ਕਰਦਿਆਂ ਕਰਦਿਆਂ ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਅੱਜ ਨਵੇਂ ਬਣੇ ਚੇਅਰਮੈਨ ਨੂੰ ਮੇਰੇ ਵੱਲੋਂ ਦਿਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਹਨ ਕਿ ਉਹ ਇਸ ਜਿੰਮੇਵਾਰੀ ਵਾਲ਼ੇ ਅਹੁਦੇ ਤੇ ਬੈਠ ਕੇ ਪਿੰਡਾਂ ਨਾਲ ਸਬੰਧਤ ਕੰਮਾਂ ਨੂੰ ਨੇਪਰੇ ਚੜਾਉਣ ਅਤੇ ਪਾਰਟੀ ਨੂੰ ਮਜਬੂਤ ਕਰਨ ਲਈ ਹੋਰ ਵੀ ਤਨਦੇਹੀ ਨਾਲ ਕੰਮ ਕਰਨ। ਇਸ ਮੌਕੇ ਤੇ ਨਵੇਂ ਬਣਾਏ ਗਏ ਚੇਅਰਮੈਨ ਸਰਦਾਰਨੀ ਨਰਿੰਦਰ ਕੌਰ ਭੋਏਵਾਲ ਅਤੇ ਸਰਪੰਚ ਸੁਰਜੀਤ ਸਿੰਘ ਭੋਏਵਾਲ, ਸਿੱਕਦਰ ਸਿੰਘ ਭੋਏਵਾਲ ਨੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਅਤੇ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੋ ਵੀ ਜਿੰਮੇਵਾਰੀ ਉਹਨਾਂ ਤੇ ਪਾਰਟੀ ਨੇ ਸੌਂਪੀ ਹੈ ਉਹ ਬਹੁਤ ਹੀ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਅਮਨਦੀਪ ਸਿੰਘ ਬੀਡੀਪੀਓ ਮਜੀਠਾ 2, ਆਮ ਆਦਮੀ ਪਾਰਟੀ ਕਿਸਾਨ ਵਿੰਗ ਜਿਲ ਅੰਮ੍ਰਿਤਸਰ ਦੇ ਪ੍ਰਧਾਨ ਬਲਬੀਰ ਸਿੰਘ ਬੋਪਾ ਰਾਏ, ਸਿਵਰਾਜ ਸਿੰਘ ਭੀਲੋਵਾਲ, ਮਲਕੀਤ ਸਿੰਘ ਬਾਠ ਭੋਏ, ਸਿਕੰਦਰ ਸਿੰਘ ਭੋਏਵਾਲ ਤਰਵਿੰਦਰ ਸਿੰਘ ਸਾਧਪੁਰ, ਪਰਮਜੀਤ ਸਿੰਘ ਮੱਤੇਵਾਲ ਪੀਬੀਐਸ ਵਾਲੇ, ਸਰਪੰਚ ਸੁਰਜੀਤ ਸਿੰਘ ਭੋਏਵਾਲ, ਸਰਪੰਚ ਕੁਲਵਿੰਦਰ ਸਿੰਘ ਮਿੱਠਾ ਚੰਨਣਕੇ,ਹੁਸਨਦੀਪ ਸਿੰਘ ਸਿਆਲਕਾ ਮੈਂਬਰ ਜਿਲ੍ਹਾ ਪਰਿਸ਼ਦ, ਸਰਪੰਚ ਮਨਦੀਪ ਸਿੰਘ ਤਨੇਲ, ਜਥੇਦਾਰ ਸਤਨਾਮ ਸਿੰਘ ਹਾਂਸ, ਗੁਰਪ੍ਰੀਤ ਸਿੰਘ ਸਰਪੰਚ ਹਾਸ, ਗੁਰਬੀਰ ਸਿੰਘ ਮੱਤੇਵਾਲ ਮੈਂਬਰ ਬਲਾਕ ਸੰਮਤੀ, ਸਰਵਣ ਸਿੰਘ ਚੁਗਾਵਾਂ ਮੈਂਬਰ ਬਲਾਕ ਸੰਮਤੀ, ਸਰਪੰਚ ਪ੍ਰੇਮ ਸਿੰਘ ਤਰਫਾਨ ਸਮੇਤ ਇਲਾਕੇ ਦੇ ਹੋਰ ਪੰਥ ਸਰਪੰਚ ਤੇ ਮੋਹਤਬਰ ਆਗੂ ਹਾਜ਼ਰ ਸਨ ।

# ਕਰਨਪ੍ਰਯਾਗ ਮਾਮਲਾ: ਗ੍ਰਿਫ਼ਤਾਰ ਚਾਰੋਂ ਨਿਹੰਗ ਸਿੰਘਾਂ ਨੂੰ ਅਦਾਲਤ ਤੋਂ ਜ਼ਮਾਨਤ, ਜਥੇਬੰਦਕ ਸੰਘਰਸ਼ ਦੀ ਹੋਈ ਜਿੱਤ



ਨਵੀਂ ਦਿੱਲੀ 27 ਜੂਨ (ਮਨਪ੍ਰੀਤ ਸਿੰਘ ਖਾਲਸਾ):- ਉੱਤਰਾਖੰਡ ਦੇ ਕਰਨਪ੍ਰਯਾਗ ਵਿਖੇ 16 ਜੂਨ ਨੂੰ ਵਾਪਰੇ ਵਿਵਾਦ ਤੋਂ ਬਾਅਦ ਗ੍ਰਿਫ਼ਤਾਰ ਕੀਤੇ ਗਏ ਚਾਰੋਂ ਨਿਹੰਗ ਸਿੰਘਾਂ ਨੂੰ ਅੱਜ 27 ਜੂਨ ਨੂੰ ਗੋਪੇਸ਼ਵਰ ਜ਼ਿਲ੍ਹਾ ਅਦਾਲਤ ਵੱਲੋਂ ਜ਼ਮਾਨਤ ਦੇ ਦਿੱਤੀ ਗਈ ਹੈ। ਜ਼ਿਲ੍ਹਾ ਅਤੇ ਸੈਸ਼ਨ ਜੱਜ ਨੇ ਜ਼ਮਾਨਤ ਅਰਜ਼ੀ ਮਨਜ਼ੂਰ ਕਰਦਿਆਂ ਉਨ੍ਹਾਂ ਦੀ ਰਿਹਾਈ ਦੇ ਹੁਕਮ ਜਾਰੀ ਕੀਤੇ ਹਨ। ਹਾਲਾਂਕਿ ਮਾਮਲੇ ਦੀ ਸੁਣਵਾਈ ਅਦਾਲਤ ਵਿੱਚ ਜਾਰੀ ਰਹੇਗੀ ਅਤੇ ਅਗਲੀ ਕਾਰਵਾਈ ਕਾਨੂੰਨੀ ਪ੍ਰਕਿਰਿਆ ਅਨੁਸਾਰ ਹੋਵੇਗੀ।ਜ਼ਿਕਰਯੋਗ ਹੈ ਕਿ ਸ੍ਰੀ ਹੇਮਕੁੰਟ ਸਾਹਿਬ ਦੇ ਦਰਸ਼ਨ ਕਰਕੇ ਪਰਤ ਰਹੇ ਨਿਹੰਗ ਸਿੰਘਾਂ ਦਾ ਕਰਨਪ੍ਰਯਾਗ ਬਾਜ਼ਾਰ ਵਿੱਚ ਕੁਝ ਸਥਾਨਕ ਲੋਕਾਂ ਨਾਲ ਵਿਵਾਦ ਹੋ ਗਿਆ ਸੀ, ਜਿਸ ਤੋਂ ਬਾਅਦ ਪੁਲਿਸ ਨੇ ਚਾਰ ਨਿਹੰਗ ਸਿੰਘਾਂ ਨੂੰ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜ ਦਿੱਤਾ ਸੀ। ਨਿਹੰਗ ਸਿੰਘਾਂ ਦੀ ਗ੍ਰਿਫ਼ਤਾਰੀ ਦੇ ਵਿਰੋਧ ਵਿੱਚ ਪੰਜਾਬ ਅਤੇ ਹੋਰ ਸੂਬਿਆਂ ਤੋਂ ਵੱਡੀ ਗਿਣਤੀ ਵਿੱਚ ਨਿਹੰਗ ਸਿੰਘ ਉੱਤਰਾਖੰਡ ਵੱਲ ਰਵਾਨਾ ਹੋਏ ਸਨ। ਉਨ੍ਹਾਂ ਨੇ ਸਰਕਾਰ ਅਤੇ ਪ੍ਰਸ਼ਾਸਨ ਨੂੰ ਚੇਤਾਵਨੀ ਦਿੱਤੀ ਸੀ ਕਿ ਜੇਕਰ ਗ੍ਰਿਫ਼ਤਾਰ ਸਿੰਘਾਂ ਨੂੰ ਰਿਹਾ ਨਾ ਕੀਤਾ ਗਿਆ ਤਾਂ ਵੱਡੇ ਪੱਧਰ ’ਤੇ ਮੁੜ ਉੱਤਰਾਖੰਡ ਕੂਚ ਕੀਤਾ ਜਾਵੇਗਾ। ਇਸ ਵੇਲੇ ਕਈ ਨਿਹੰਗ ਸਿੰਘ ਪਾਉਂਟਾ ਸਾਹਿਬ ਵਿਖੇ ਟਿਕੇ ਹੋਏ ਸਨ ਅਤੇ ਅਦਾਲਤੀ ਫ਼ੈਸਲੇ ਦੀ ਉਡੀਕ ਕਰ ਰਹੇ ਸਨ। ਅਦਾਲਤ ਵੱਲੋਂ ਚਾਰੋਂ ਨਿਹੰਗ ਸਿੰਘਾਂ ਨੂੰ ਜ਼ਮਾਨਤ ਮਿਲਣ ਨੂੰ ਨਿਹੰਗ ਜਥੇਬੰਦੀਆਂ ਅਤੇ ਸਿੱਖ ਸੰਗਤਾਂ ਨੇ ਜਥੇਬੰਦਕ ਸੰਘਰਸ਼ ਦੀ ਜਿੱਤ ਕਰਾਰ ਦਿੱਤਾ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਸੰਗਠਿਤ ਅਤੇ ਸ਼ਾਂਤਮਈ ਢੰਗ ਨਾਲ ਕੀਤੇ ਗਏ ਸੰਘਰਸ਼ ਨੇ ਇਸ ਮਾਮਲੇ ਨੂੰ ਮਜ਼ਬੂਤੀ ਨਾਲ ਉਠਾਇਆ, ਜਦਕਿ ਅੰਤਿਮ ਫ਼ੈਸਲਾ ਅਦਾਲਤ ਵੱਲੋਂ ਕਾਨੂੰਨੀ ਪ੍ਰਕਿਰਿਆ ਪੂਰੀ ਹੋਣ ਉਪਰੰਤ ਹੀ ਆਵੇਗਾ।

# ਰਸੂਲਪੁਰ ਕਲਾਂ, ਡਡੂਆਣਾ ਮਿਹਰਬਾਨਪੁਰਾ ਵਿਖੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਪਬਲਿਕ ਦੀਆਂ ਮੁਸ਼ਕਲਾਂ ਦੇ ਤੁਰੰਤ ਹੱਲ ਲਈ ਅਧਿਕਾਰੀਆਂ ਨੂੰ ਦਿੱਤੇ ਨਿਰਦੇਸ਼

### ਪੰਜਾਬ ਸਰਕਾਰ ਆਮ ਲੋਕਾਂ ਦੀ ਭਲਾਈ ਲਈ ਵਚਨਬੱਧ, ਲੋਕ-ਪੱਖੀ ਯੋਜਨਾਵਾਂ ਦਾ ਲਾਭ ਹਰ ਘਰ ਤੱਕ ਪਹੁੰਚਾਇਆ ਜਾ ਰਿਹਾ ਹੈ : ਹਰਭਜਨ ਸਿੰਘ ਈ.ਟੀ.ਓ.



ਜੰਡਿਆਲਾ ਗੁਰੂ 27 ਜੂਨ ( ਕੁਲਵੰਤ ਸਿੰਘ ਵਿਰਦੀ ) - ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਅਧੀਨ ਪੈਂਦੇ ਪਿੰਡ ਰਸੂਲਪੁਰ ਕਲਾਂ, ਡਡੂਆਣਾ ਅਤੇ ਮਿਹਰਬਾਨਪੁਰਾ ਵਿਖੇ ਲੋਕ ਮਿਲਣੀ ਪ੍ਰੋਗਰਾਮ ਕਰਵਾਏ ਗਏ। ਇਸ ਦੌਰਾਨ ਉਨ੍ਹਾਂ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਨੂੰ ਧਿਆਨ ਨਾਲ ਸੁਣਿਆ ਗਿਆ ਅਤੇ ਸਬੰਧਤ ਅਧਿਕਾਰੀਆਂ ਨੂੰ ਉਨ੍ਹਾਂ ਦਾ ਤੁਰੰਤ ਅਤੇ ਯੋਗ ਹੱਲ ਕਰਨ ਦੇ ਨਿਰਦੇਸ਼ ਦਿੱਤੇ ਗਏ।ਇਸ ਮੌਕੇ ਕੈਬਿਨਟ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਨੇ ਜਨਤਕ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਆਮ ਲੋਕਾਂ ਦੀ ਭਲਾਈ ਅਤੇ ਸੂਬੇ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਲੋਕਾਂ ਦੀਆਂ ਬੁਨਿਆਦੀ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਕਈ ਲੋਕ-ਪੱਖੀ ਅਤੇ ਭਲਾਈਕਾਰੀ ਯੋਜਨਾਵਾਂ ਸ਼ੁਰੂ ਕੀਤੀਆਂ ਹਨ, ਜਿਨ੍ਹਾਂ ਦਾ ਲਾਭ ਹਰ ਵਰਗ ਦੇ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ 600 ਯੂਨਿਟ ਮੁਫ਼ਤ ਬਿਜਲੀ ਦੀ ਸਹੂਲਤ, 10 ਲੱਖ ਰੁਪਏ ਤੱਕ ਦੀ ਸਾਲਾਨਾ ਸਿਹਤ ਬੀਮਾ ਯੋਜਨਾ, ਸਿੱਖਿਆ ਕ੍ਰਾਂਤੀ, ਸਿਹਤ ਕ੍ਰਾਂਤੀ ਅਤੇ ਹੋਰ ਅਨੇਕਾਂ ਜਨ-ਕਲਿਆਣਕਾਰੀ ਯੋਜਨਾਵਾਂ ਸਫਲਤਾਪੂਰਵਕ ਲਾਗੂ ਕੀਤੀਆਂ ਗਈਆਂ ਹਨ। ਉਨ੍ਹਾਂ ਲੋਕਾਂ ਨੂੰ ਇਨ੍ਹਾਂ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ।ਕੈਬਿਨਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਹਰ ਨਾਗਰਿਕ ਨੂੰ ਸਰਕਾਰੀ ਸੇਵਾਵਾਂ ਦਾ ਲਾਭ ਪਾਰਦਰਸ਼ੀ ਅਤੇ ਸਮੇਂ ਸਿਰ ਮਿਲੇ। ਉਨ੍ਹਾਂ ਕਿਹਾ ਕਿ ਲੋਕ ਮਿਲਣੀ ਪ੍ਰੋਗਰਾਮਾਂ ਦਾ ਮੁੱਖ ਉਦੇਸ਼ ਲੋਕਾਂ ਦੀਆਂ ਸਮੱਸਿਆਵਾਂ ਦਾ ਮੌਕੇ ’ਤੇ ਨਿਪਟਾਰਾ ਕਰਨਾ ਅਤੇ ਸਰਕਾਰ ਤੇ ਲੋਕਾਂ ਵਿਚਕਾਰ ਸਿੱਧਾ ਸੰਵਾਦ ਕਾਇਮ ਕਰਨਾ ਹੈ।ਇਸ ਮੌਕੇ ਚੇਅਰਮੈਨ ਅਮਰੀਕ ਸਿੰਘ ਸੋਢੀ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਪਾਰਟੀ ਆਗੂ, ਪੰਚਾਇਤੀ ਨੁਮਾਇੰਦੇ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਗੁਰਦੁਆਰਾ ਛਪੜੀ ਸਾਹਿਬ ਪਿੰਡ ਤੂਤ ਵਿਖੇ ਸਲਾਨਾ ਸ਼ਹੀਦੀ ਸਮਾਗਮ 29 ਜੂਨ ਨੂੰ, ਤਿਆਰੀਆਂ ਮੁਕੰਮਲ

### ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਜੂਨ 1984 ਦੇ ਸ਼ਹੀਦਾਂ ਦੀ ਯਾਦ ਵਿੱਚ ਸਜਣਗੇ ਮਹਾਨ ਦੀਵਾਨ; ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਸੋਮਵਾਰ ਨੂੰ ਪੈਣਗੇ



ਫਿਰੋਜ਼ਪੁਰ 27 ਜੂਨ (ਮਨੋਹਰ ਲਾਲ) : ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਜੂਨ 1984 ਦੇ ਘੱਲੂਘਾਰੇ ਦੇ ਮਹਾਨ ਸ਼ਹੀਦਾਂ ਦੀ ਪਵਿੱਤਰ ਸ਼ਹੀਦੀ ਨੂੰ ਸਮਰਪਿਤ ਸਲਾਨਾ ਸ਼ਹੀਦੀ ਸਮਾਗਮ ਬੜੀ ਹੀ ਸ਼ਰਧਾ, ਭਾਵਨਾ ਅਤੇ ਸਤਿਕਾਰ ਸਹਿਤ ਮਨਾਇਆ ਜਾ ਰਿਹਾ ਹੈ। ਇਹ ਮਹਾਨ ਧਾਰਮਿਕ ਸਮਾਗਮ ਮਿਤੀ 29 ਜੂਨ ਦਿਨ ਸੋਮਵਾਰ ਨੂੰ ਪੂਰੀ ਚੜ੍ਹਦੀ ਕਲਾ ਨਾਲ ਕਰਵਾਇਆ ਜਾਵੇਗਾ, ਜਿਸ ਵਿੱਚ ਇਲਾਕੇ ਭਰ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰੀ ਭਰਨਗੀਆਂ। ਇਸ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕਰਦਿਆਂ ਗੁਰਦੁਆਰਾ ਛਪੜੀ ਸਾਹਿਬ ਪਿੰਡ ਤੁਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਜੀ ਤੁਤਾ ਵਾਲਿਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਮਾਗਮ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਸ਼ਹੀਦਾਂ ਦੀ ਯਾਦ ਵਿੱਚ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ 27 ਜੂਨ ਨੂੰ ਆਰੰਭ ਕਰ ਦਿੱਤੇ ਗਏ ਹਨ, ਜਿਨ੍ਹਾਂ ਦੇ ਭੋਗ 29 ਜੂਨ ਦਿਨ ਸੋਮਵਾਰ ਨੂੰ ਬੜੀ ਸ਼ਰਧਾ ਪੂਰਵਕ ਪਾਏ ਜਾਣਗੇ। ਸੰਤ ਬਾਬਾ ਬੋਹੜ ਸਿੰਘ ਜੀ ਨੇ ਦੱਸਿਆ ਕਿ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਗੁਰਦੁਆਰਾ ਸਾਹਿਬ ਵਿਖੇ ਵਿਸ਼ੇਸ਼ ਧਾਰਮਿਕ ਦੀਵਾਨ ਸਜਾਏ ਜਾਣਗੇ। ਇਨ੍ਹਾਂ ਦੀਵਾਨਾਂ ਵਿੱਚ ਪੰਥ ਪ੍ਰਸਿੱਧ ਸੰਤ ਮਹਾਂਪੁਰਸ਼, ਉੱਘੇ ਰਾਗੀ, ਢਾਡੀ ਅਤੇ ਪ੍ਰਚਾਰਕ ਵਿਸ਼ੇਸ਼ ਤੌਰ ’ਤੇ ਹਾਜ਼ਰੀ ਭਰਨਗੇ। ਇਸ ਮੌਕੇ ਕੌਮ ਦੇ ਮਹਾਨ ਬੁਲਾਰੇ ਭਾਈ ਇਕਬਾਲ ਸਿੰਘ ਲੰਗਿਆਣਾ ਅਤੇ ਭਾਈ ਨਿਰਭੈ ਸਿੰਘ ਪੰਜਗਰਾਈਂ ਵਾਲੇ ਵਿਸ਼ੇਸ਼ ਤੌਰ ’ਤੇ ਪਹੁੰਚ ਰਹੇ ਹਨ। ਉਹ ਸੰਗਤਾਂ ਨੂੰ ਗੁਰੂ ਇਤਿਹਾਸ, ਸ਼ਹੀਦਾਂ ਦੀਆਂ ਕੁਰਬਾਨੀਆਂ ਅਤੇ ਸਿੱਖ ਗੌਰਵ ਦੀ ਗਾਥਾ ਸੁਣਾ ਕੇ ਕੇਸਾਂ-ਸਵਾਸਾਂ ਨਾਲ ਨਿਹਾਲ ਕਰਨਗੇ ਅਤੇ ਸੰਗਤਾਂ ਨੂੰ ਗੁਰੂ ਲੜ ਲੱਗਣ ਦੀ ਪ੍ਰੇਰਨਾ ਦੇਣਗੇ। ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਜੀ ਤੁਤਾ ਵਾਲਿਆਂ ਨੇ ਸਮੂਹ ਇਲਾਕੇ ਭਰ ਦੀਆਂ ਸਾਧ-ਸੰਗਤਾਂ, ਮਾਈ-ਭਾਈ ਅਤੇ ਨੌਜਵਾਨਾਂ ਅੱਗੇ ਨਿਮਰਤਾ ਸਹਿਤ ਬੇਨਤੀ ਕੀਤੀ ਹੈ ਕਿ ਉਹ ਇਸ ਸ਼ਹੀਦੀ ਸਮਾਗਮ ਵਿੱਚ ਭਾਰੀ ਗਿਣਤੀ ਵਿੱਚ ਪਹੁੰਚ ਕੇ ਹਾਜ਼ਰੀ ਭਰਨ। ਉਨ੍ਹਾਂ ਕਿਹਾ ਕਿ ਆਏ ਹੋਏ ਸੰਤਾਂ-ਮਹਾਂਪੁਰਸ਼ਾਂ ਅਤੇ ਵਿਦਵਾਨਾਂ ਦੇ ਅਨਮੋਲ ਵਿਚਾਰ ਸੁਣ ਕੇ, ਗੁਰਬਾਣੀ ਦਾ ਓਟ ਆਸਰਾ ਲੈ ਕੇ ਆਪਣਾ ਮਾਨੁਖਾ ਜੀਵਨ ਸਫਲ ਬਣਾਉਣ। ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਪਿੰਡ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਇਸ ਧਾਰਮਿਕ ਸਮਾਗਮ ਦੌਰਾਨ ਆਉਣ ਵਾਲੀਆਂ ਸੰਗਤਾਂ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ। ਸਮਾਗਮ ਦੌਰਾਨ ਗੁਰੂ ਕਾ ਲੰਗਰ ਅਟੁੱਟ ਵਰਤੇਗਾ। ਇਸ ਦੇ ਨਾਲ ਹੀ ਗਰਮੀ ਦੇ ਮੌਸਮ ਨੂੰ ਮੁੱਖ ਰੱਖਦਿਆਂ ਸੰਗਤਾਂ ਦੀ ਸਹੂਲਤ ਲਈ ਠੰਢੇ-ਮਿੱਠੇ ਜਲ ਦੀਆਂ ਛਬੀਲਾਂ ਵੀ ਵਿਸ਼ੇਸ਼ ਤੌਰ ’ਤੇ ਲਗਾਈਆਂ ਜਾਣਗੀਆਂ, ਤਾਂ ਜੋ ਦੂਰ-ਦੁਰਾਡੇ ਤੋਂ ਆਉਣ ਵਾਲੀਆਂ ਸੰਗਤਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਪ੍ਰਬੰਧਕਾਂ ਵੱਲੋਂ ਸੰਗਤਾਂ ਦੇ ਵਾਹਨਾਂ ਦੀ ਪਾਰਕਿੰਗ ਅਤੇ ਬੈਠਣ ਲਈ ਵੀ ਪੁਖ਼ਤਾ ਇੰਤਜ਼ਾਮ ਕੀਤੇ ਗਏ ਹਨ।

# ਕੌਮੀ ਸ਼ਹੀਦ ਭਾਈ ਮਨੀ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਪਿੰਡ ਮਹਾਲਮ ਦੇ ਗੁਰੂ ਘਰ ਵਿਚ ਮਨਾਇਆ ਗਿਆ



ਫਿਰੋਜ਼ਪੁਰ 27 ਜੂਨ (ਮਨੋਹਰ ਲਾਲ) : ਕੌਮੀ ਸ਼ਹੀਦ ਭਾਈ ਮਨੀ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਪਿੰਡ ਮਹਾਲਮ ਦੇ ਗੁਰੂ ਘਰ ਵਿਚ ਮਨਾਇਆ ਗਿਆ।ਹਜ਼ੂਰੀ ਰਾਗੀ ਬਲਦੇਵ ਸਿੰਘ ਬੰਡਾਲਾ ਨੂੰ ਕੀਰਤਨ ਕੀਤਾ ਤੇ ਭਾਈ ਮਨੀ ਸਿੰਘ ਜੀ ਦੀ ਬਾਰੇ ਦੱਸਿਆ ਇਸ ਤੋਂ ਇਲਾਵਾ ਢਾਡੀ ਜਥਾ ਭਾਈ ਕਰਮ ਸਿੰਘ ਮਹਾਲਮੀ ਨੇ ਭਾਈ ਮਨੀ ਸਿੰਘ ਜੀ ਦੀਆਂ ਵਾਰਾਂ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਬਾਬਾ ਸਤਨਾਮ ਸਿੰਘ ਇੰਟਰਨੈਸ਼ਨਲ ਪੰਥਕ ਦਲ ਪੰਜਾਬ ਪ੍ਰਧਾਨ, ਭਾਈ ਬਲਕਾਰ ਸਿੰਘ ਪੰਜ ਪਿਆਰਿਆਂ ਦੇ ਜਥੇਦਾਰ ਨੇ ਵੀ ਇਸ ਸਮਾਗਮ ਵਿਚ ਸ਼ਿਰਕਤ ਕੀਤੀ। ਇਸ ਤੋਂ ਇਲਾਵਾ ਭਾਈ ਸੰਤੋਖ ਸਿੰਘ ਬੱਗੇ ਕੇ ਪਿੱਪਲ, ਭਾਈ ਬਲਕਾਰ ਸਿੰਘ ਫਿਰੋਜ਼ਪੁਰ, ਲਖਬੀਰ ਸਿੰਘ ਏਕਨੂਰ ਖਾਲਸਾ ਫੌਜ਼ ਦੇ ਪ੍ਰਧਾਨ, ਮੰਗਲ ਸਿੰਘ, ਸ਼ਿੰਦਾ ਸਿੰਘ ਮੈਂਬਰ ਪੰਚਾਇਤ, ਜਗਤਾਰ ਸਿੰਘ ਮੈਂਬਰ ਪੰਚਾਇਤ, ਸੁਰਜੀਤ ਸਿੰਘ ਸਾਬਕਾ ਸਰਪੰਚ, ਭਗਵਾਨ ਸਿੰਘ, ਬਲਜੀਤ ਸਿੰਘ ਮਹਾਲਮੀ, ਦਲਜੀਤ ਸਿੰਘ ਮੈਂਬਰ ਪੰਚਾਇਤ, ਸੁਖਪਾਲ ਸਿੰਘ ਵਕੀਲ, ਸਿਕੰਦਰ ਸਿੰਘ ਹਕੀਮ, ਅਮਰਜੀਤ ਸਿੰਘ, ਦਲਜੀਤ ਸਿੰਘ ਮਨੀ ਤੋਂ ਇਲਾਵਾ ਹੋਰ ਵੀ ਸਖਸ਼ੀਅਤਾਂ ਪਹੁੰਚੀਆਂ ਸਨ। ਇਸ ਮੌਕੇ ਲਖਬੀਰ ਸਿੰਘ ਮਹਾਲਮ ਨੇ ਆਖਿਆ ਕਿ ਭਾਈ ਮਨੀ ਦੀ ਸੋਚ ਨੂੰ ਅਪਣਾਉਣ ਤੇ ਨਸ਼ਿਆਂ ਨੂੰ ਤਿਆਗ ਕੇ ਅੰਮ੍ਰਿਤ ਛਕਣ ਦਾ ਸੰਦੇਸ਼ ਦਿੱਤਾ।

## ਇੱਕ ਨਜ਼ਰ...



### ਅਧਿਕਾਰ ਸੰਘਰਸ਼ ਪਾਰਟੀ ਦੇ ਗੁਰਲਾਭ ਸਿੰਘ ਨੱਥੋਕੇ ਜ਼ਿਲਾ ਪ੍ਰਧਾਨ ਮੋਗਾ, ਹਲਕਾ ਇੰਚਾਰਜ ਬਾਘਾ ਪੁਰਾਣਾ ਅਤੇ ਜਸਵੀਰ ਕੌਰ ਭੱਟੀ ਫ਼ਰੀਦਕੋਟ ਜੋਨ ਦੇ ਜਨਰਲ ਸਕੱਤਰ ਨਿਯੁਕਤ

ਫਿਰੋਜ਼ਪੁਰ 27 ਜੂਨ (ਮਨੋਹਰ ਲਾਲ) : ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਦੇ ਪਿੰਡ ਨੱਥੋਕੇ ਦੇ ਸੀਨੀਅਰ ਆਗੂ ਗੁਰਲਾਭ ਸਿੰਘ ਨੱਥੋਕੇ ਨੇ ਬਾਘਾ ਪੁਰਾਣਾ ਵਿਖੇ ਅਧਿਕਾਰ ਸੰਘਰਸ਼ ਪਾਰਟੀ ਦੀ ਮੀਟਿੰਗ ਦਾ ਆਯੋਜਨ ਕੀਤਾ ਗਿਆ,ਇਸ ਮੀਟਿੰਗ ਵਿੱਚ ਬਤੌਰ ਮੁੱਖ ਮਹਿਮਾਨ ਪੰਜਾਬ ਪ੍ਰਧਾਨ ਇੰਜ ਸੁਰਿੰਦਰ ਸਿੰਘ ਭਿੰਡਰ ਨੇ ਸ਼ਿਰਕਤ ਕੀਤੀ, ਪਾਰਟੀ ਦੇ ਕੌਮੀ ਜਨਰਲ ਸਕੱਤਰ ਮੱਖਣ ਸਿੰਘ ਭਾਈਰੂਪਾ ਵਿਸ਼ੇਸ਼ ਮਹਿਮਾਨ ਵਜੋਂ ਮੀਟਿੰਗ ਵਿੱਚ ਸ਼ਾਮਲ ਹੋਏ। ਪ੍ਰੈਸ ਨੂੰ ਪ੍ਰੈਸ ਨੋਟ ਜਾਰੀ ਕਰਦਿਆਂ ਇੰਜ ਸੁਰਿੰਦਰ ਸਿੰਘ ਭਿੰਡਰ ਨੇ ਕਿਹਾ ਕਿ ਰਵਾਇਤੀ ਪਾਰਟੀਆਂ ਅਤੇ ਮੌਜੂਦਾ ਆਪ ਸਰਕਾਰ ਲੋਕਾਂ ਦੇ ਮੁੱਖ ਮੁੱਦਿਆਂ ਨੂੰ ਵਿਸਾਰ ਕੇ ਇਕ ਦੂਜੇ ਤੇ ਦੂਸ਼ਣਬਾਜ਼ੀ ਕਰਨ ਵਿੱਚ ਰੁੱਝੀਆਂ ਹੋਈਆਂ ਹਨ। ਮਹਿੰਗਾਈ ਸਿਖਰਾਂ ਤੇ ਹੋਣ ਕਾਰਨ ਗਰੀਬ ਲੋਕਾਂ ਦਾ ਬੁਰਾ ਹਾਲ ਹੈ, ਲੱਕ ਤੋੜਵੀਂ ਮਹਿੰਗਾਈ ਕਾਰਨ ਗ਼ਰੀਬ ਅਤੇ ਮਜ਼ਦੂਰ ਵਰਗ ਦਾ ਜਿਊਣਾ ਦੁੱਭਰ ਹੋਇਆ ਪਿਆ ਹੈ। ਭਗਵੰਤ ਸਰਕਾਰ ਆਪਣੀਆਂ ਬੇਅਦਬੀ ਅਤੇ ਅਸ਼ਲੀਲ ਵੀਡੀਓਜ਼ ਨੂੰ ਲੋਕਾਂ ਸਾਹਮਣੇ ਦਰੁਸਤ ਪੇਸ਼ ਕਰਨ ਲਈ ਇਸ ਧੰਦੇ ਵਿਚ ਵਿਅਸਤ ਹੈਂ। ਪੰਜਾਬ ਪ੍ਰਧਾਨ ਇੰਜ ਭਿੰਡਰ ਨੇ ਮੀਟਿੰਗ ਵਿੱਚ ਬੋਲਦਿਆਂ ਕਿਹਾ ਕਿ ਪੰਜਾਬ ਵਿੱਚ 2027 ਵਿੱਚ ਅਧਿਕਾਰ ਸੰਘਰਸ਼ ਪਾਰਟੀ ਦੀ ਸਰਕਾਰ ਬਣਨ ਤੇ ਪੰਜਾਬ ਲੈਂਡ ਸੀਲਿੰਗ ਸੁਧਾਰ ਐਕਟ 1972 ਇੰਨ ਬਿੰਨ ਲਾਗੂ ਕਰਕੇ ਲੋੜਵੰਦ ਬੇਜ਼ਮੀਨੇ ਲੋਕਾਂ ਨੂੰ 5-5 ਕਿਲੇ ਮਾਲਕੀ ਜ਼ਮੀਨ ਅਲਾਟ ਕੀਤੀ ਜਾਵੇਗੀ। ਆਰਥਿਕ ਤੌਰ ਤੇ ਪਛੜੇ ਹਰ ਵਰਗ ਦੇ ਲੋਕਾਂ ਨੂੰ ਤਿੰਨ ਕਿਲੋ ਵਾਟ ਤੱਕ ਮੁਫ਼ਤ ਘਰੈਲੂ ਬਿਜਲੀ ਦਿੱਤੀ ਜਾਵੇਗੀ। ਕੋਮੀ ਜਨਰਲ ਸਕੱਤਰ ਮੱਖਣ ਸਿੰਘ ਭਾਈਰੂਪਾ ਨੇ ਕਿਹਾ ਅਸਪਾ ਦੀ ਸਰਕਾਰ ਬਣਨ ਤੇ ਮੰਡਲ ਕਮਿਸ਼ਨ ਰਿਪੋਰਟ ਅਤੇ 85 ਵੀਂ ਸੰਵਿਧਾਨਿਕ ਸੋਧ ਲਾਗੂ ਕੀਤੀ ਜਾਵੇਗੀ। ਅਧਿਕਾਰ ਸੰਘਰਸ਼ ਪਾਰਟੀ ਦੀ ਮੀਟਿੰਗ ਵਿੱਚ ਮੌਜੂਦਾ ਲੀਡਰਸ਼ਿਪ ਦੀ ਸਹਿਮਤੀ ਨਾਲ ਗੁਰਲਾਭ ਸਿੰਘ ਨੱਥੋਕੇ ਨੂੰ ਪਾਰਟੀ ਦਾ ਜ਼ਿਲਾ ਪ੍ਰਧਾਨ ਮੋਗਾ ਅਤੇ ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਦਾ ਹਲਕਾ ਇੰਚਾਰਜ ਨਿਯੁਕਤ ਕੀਤਾ ਗਿਆ। ਬੀਬਾ ਜਸਵੀਰ ਕੌਰ ਭੱਟੀ ਹਲਕਾ ਨਿਹਾਲ ਸਿੰਘ ਵਾਲਾ ਨੂੰ ਪਾਰਟੀ ਦਾ ਮਾਲਵਾ ਜੋਨ ਫਰੀਦਕੋਟ ਦਾ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ। ਨਵਨਿਯੁਕਤ ਜ਼ਿਲਾ ਪ੍ਰਧਾਨ ਮੋਗਾ ਗੁਰਲਾਭ ਸਿੰਘ ਨੱਥੋਕੇ, ਬੀਬਾ ਜਸਵੀਰ ਕੌਰ ਭੱਟੀ ਅਤੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਸਾਥੀਆਂ ਨੂੰ ਹਾਰ ਪਾਕੇ ਸਨਮਾਨਿਤ ਕੀਤਾ ਗਿਆ। ਪੰਜਾਬ ਪ੍ਰਧਾਨ ਇੰਜ ਭਿੰਡਰ ਅਤੇ ਕੋਮੀ ਜਨਰਲ ਸਕੱਤਰ ਭਾਈ ਰੂਪਾ ਨੇ ਗੁਰਲਾਭ ਸਿੰਘ ਨੱਥੋਕੇ ਨੂੰ ਅਧਿਕਾਰ ਸੰਘਰਸ਼ ਪਾਰਟੀ ਦਾ ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਦਾ ਉਮੀਦਵਾਰ ਦਾ ਵੀ ਐਲਾਨ ਕੀਤਾ। ਇਸ ਮੌਕੇ ਮੀਟਿੰਗ ਵਿੱਚ ਸਤਿੰਦਰ ਕੌਰ ਧਾਲੀਵਾਲ ਸੀਨੀਅਰ ਵਾਇਸ ਪ੍ਰਧਾਨ ਪੰਜਾਬ ਤੇ ਹਲਕਾ ਇੰਚਾਰਜ ਫਿਰੋਜ਼ਪੁਰ ਦਿਹਾਤੀ ਰਾਖਵਾਂ, ਚੰਦਨਪ੍ਰੀਤ ਕੌਰ ਅਲਕਾ ਹਲਕਾ ਇੰਚਾਰਜ ਜ਼ੀਰਾ, ਛਿੰਦਰ ਕੌਰ, ਜੋਤੀ ਕੌਰ , ਅਮਰਜੀਤ ਕੌਰ, ਕੁਲਦੀਪ ਕੌਰ, ਰੂਪ ਸਿੰਘ, ਕਰਨਦੀਪ ਸਿੰਘ, ਅਕਾਸ਼ ਦੀਪ ਸਿੰਘ, ਗਗਨ , ਗੁਰਦੇਵ ਕੌਰ ਅਤੇ ਨਸੀਬ ਕੌਰ ਹਾਜਰ ਸਨ।

### ਅੱਜ ਕਰਵਾਈ ਜਾਵੇਗੀ ਅੰਗਦਾਨ ਅਤੇ ਯੂਰੋ-ਕੈਂਸਰ ਜਾਗਰੂਕਤਾ ਮੈਰਾਥਨ

ਫਿਰੋਜ਼ਪੁਰ 27 ਜੂਨ (ਮਨੋਹਰ ਲਾਲ) : ਸਮਾਜ ਵਿੱਚ ਅੰਗਦਾਨ ਅਤੇ ਯੂਰੋ-ਕੈਂਸਰ ਪ੍ਰਤੀ ਜਾਗਰੂਕਤਾ ਵਧਾਉਣ ਦੇ ਉਦੇਸ਼ ਨਾਲ 28 ਜੂਨ ਨੂੰ ਫਿਰੋਜ਼ਪੁਰ ਵਿੱਚ ਵਿਸ਼ੇਸ਼ ਅੰਗਦਾਨ ਅਤੇ ਯੂਰੋ-ਕੈਂਸਰ ਜਾਗਰੂਕਤਾ ਮੈਰਾਥਨ ਕਰਵਾਈ ਜਾਵੇਗੀ। ਇਹ ਪ੍ਰੋਗਰਾਮ ਆਈਕਾਈ ਹਸਪਤਾਲ ਅਤੇ ਆਈਕਾਈ ਇੰਸਟੀਚਿਊਟ ਆਫ ਯੂਰੋ-ਓਨਕੋਲੋਜੀ ਐਂਡ ਰੋਬੋਟਿਕ ਕੈਂਸਰ ਸੈਂਟਰ, ਲੁਧਿਆਣਾ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ। ਇਸ ਦੇ ਨਾਲ ਹੀ ਸੰਸਥਾ ਵੱਲੋਂ ਯੂਰੋ-ਕੈਂਸਰ, ਗੁਰਦਿਆਂ ਦੀਆਂ ਬਿਮਾਰੀਆਂ ਅਤੇ ਅੰਗਦਾਨ ਸਬੰਧੀ ਵਿਸ਼ਾਲ ਜਨ-ਜਾਗਰੂਕਤਾ ਮੁਹਿੰਮ ਵੀ ਚਲਾਈ ਜਾਵੇਗੀ। ਖੰਨਾ ਹਸਪਤਾਲ ਦੇ ਡਾਇਰੈਕਟਰ ਡਾ. ਨਰੇਸ਼ ਖੰਨਾ ਨੇ ਦੱਸਿਆ ਕਿ ਮੈਰਾਥਨ ਦੀ ਸ਼ੁਰੂਆਤ 28 ਜੂਨ ਨੂੰ ਸਵੇਰੇ 7 ਵਜੇ ਗੁਰਦੁਆਰਾ ਸ੍ਰੀ ਸਾਰਾਗੜ੍ਹੀ ਸਾਹਿਬ, ਫਿਰੋਜ਼ਪੁਰ ਤੋਂ ਹੋਵੇਗੀ। ਇਸ ਮੌਕੇ **ਸੀਨੀਅਰ ਪੁਲਿਸ ਕਪਤਾਨ (ਐੱਸ.ਐੱਸ.ਪੀ.) ਭੂਪਿੰਦਰ ਸਿੰਘ, ਆਈ.ਪੀ.ਐੱਸ. ਹਰੀ ਝੰਡੀ ਦਿਖਾ ਕੇ ਮੈਰਾਥਨ ਨੂੰ ਰਵਾਨਾ ਕਰਨਗੇ। ਸਮਾਗਮ ਵਿੱਚ ਵੱਖ-ਵੱਖ ਸਮਾਜਿਕ ਸੰਸਥਾਵਾਂ, ਸਿੱਖਿਆ ਸੰਸਥਾਵਾਂ, ਮੈਡੀਕਲ ਮਾਹਿਰਾਂ, ਪਤਵੰਤੇ ਵਿਅਕਤੀਆਂ ਅਤੇ ਹੋਰ ਸੰਸਥਾਵਾਂ ਦੇ ਨੁਮਾਇੰਦੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ। ਆਈਕਾਈ ਹਸਪਤਾਲ ਅਤੇ ਆਈਕਾਈ ਇੰਸਟੀਚਿਊਟ ਆਫ ਯੂਰੋ-ਓਨਕੋਲੋਜੀ ਐਂਡ ਰੋਬੋਟਿਕ ਕੈਂਸਰ ਸੈਂਟਰ, ਲੁਧਿਆਣਾ ਦੇ ਚੇਅਰਮੈਨ, ਮੁੱਖ ਯੂਰੋਲੋਜਿਸਟ, ਯੂਰੋ-ਓਨਕੋਲੋਜਿਸਟ, ਰੋਬੋਟਿਕ ਅਤੇ ਟਰਾਂਸਪਲਾਂਟ ਸਰਜਨ ਡਾ. ਬਲਦੇਵ ਸਿੰਘ ਔਲਖ ਨੇ ਕਿਹਾ ਕਿ ਇਸ ਮੁਹਿੰਮ ਦਾ ਮੁੱਖ ਉਦੇਸ਼ ਲੋਕਾਂ ਨੂੰ ਗੁਰਦੇ, ਬਲੈਡਰ ਅਤੇ ਪ੍ਰੋਸਟੇਟ ਕੈਂਸਰ ਵਰਗੀਆਂ ਗੰਭੀਰ ਬਿਮਾਰੀਆਂ ਪ੍ਰਤੀ ਜਾਗਰੂਕ ਕਰਨਾ ਹੈ। ਉਨ੍ਹਾਂ ਕਿਹਾ ਕਿ ਸਮੇਂ ਸਿਰ ਜਾਂਚ, ਸਹੀ ਇਲਾਜ ਅਤੇ ਜਾਗਰੂਕਤਾ ਰਾਹੀਂ ਇਨ੍ਹਾਂ ਬਿਮਾਰੀਆਂ ਉੱਤੇ ਕਾਫ਼ੀ ਹੱਦ ਤੱਕ ਕਾਬੂ ਪਾਇਆ ਜਾ ਸਕਦਾ ਹੈ। ਡਾ. ਔਲਖ ਨੇ ਦੱਸਿਆ ਕਿ ਇਸ ਮੁਹਿੰਮ ਦੌਰਾਨ ਲੋਕਾਂ ਨੂੰ ਆਧੁਨਿਕ ਰੋਬੋਟਿਕ ਸਰਜਰੀ, ਮਿਨੀਮਲੀ ਇਨਵੇਸਿਵ ਕੈਂਸਰ ਇਲਾਜ ਤਕਨੀਕਾਂ, ਗੁਰਦਿਆਂ ਦੀ ਸਿਹਤ ਅਤੇ ਅੰਗਦਾਨ ਦੇ ਮਹੱਤਵ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇੱਕ ਬ੍ਰੇਨ-ਡੈੱਡ ਵਿਅਕਤੀ ਵੱਲੋਂ ਕੀਤਾ ਗਿਆ ਅੰਗਦਾਨ ਕਈ ਲੋੜਵੰਦ ਮਰੀਜ਼ਾਂ ਨੂੰ ਨਵਾਂ ਜੀਵਨ ਦੇ ਸਕਦਾ ਹੈ ਅਤੇ ਸਮਾਜ ਵਿੱਚ ਅੰਗਦਾਨ ਪ੍ਰਤੀ ਸਕਾਰਾਤਮਕ ਸੋਚ ਵਿਕਸਿਤ ਕਰਨਾ ਸਮੇਂ ਦੀ ਲੋੜ ਹੈ। ਪ੍ਰੋਗਰਾਮ ਤਹਿਤ ਪੁਲਿਸ ਕਰਮਚਾਰੀਆਂ ਲਈ ਮੁਫ਼ਤ ਯੂਰੋ-ਕੈਂਸਰ, ਕਿਡਨੀ ਹੈਲਥ ਅਤੇ ਜਨਰਲ ਮੈਡੀਕਲ ਚੈੱਕਅੱਪ ਕੈਂਪ ਵੀ ਲਗਾਇਆ ਜਾਵੇਗਾ। ਕੈਂਪ ਵਿੱਚ ਪੀ.ਐੱਸ.ਏ. ਟੈਸਟ, ਬਲੱਡ ਸ਼ੂਗਰ ਟੈਸਟ, ਬਲੱਡ ਪ੍ਰੈਸ਼ਰ ਜਾਂਚ ਅਤੇ ਮਾਹਿਰ ਡਾਕਟਰਾਂ ਨਾਲ ਸਲਾਹ-ਮਸ਼ਵਰੇ ਦੀ ਸਹੂਲਤ ਉਪਲਬਧ ਹੋਵੇਗੀ। ਇਸ ਤੋਂ ਇਲਾਵਾ ਕੈਂਸਰ ਦੀ ਸ਼ੁਰੂਆਤੀ ਪਛਾਣ, ਰੋਕਥਾਮ ਅਤੇ ਇਲਾਜ ਸਬੰਧੀ ਮਹੱਤਵਪੂਰਨ ਜਾਣਕਾਰੀ ਵੀ ਦਿੱਤੀ ਜਾਵੇਗੀ। ਆਯੋਜਕਾਂ ਨੇ ਮੀਡੀਆ ਅਦਾਰਿਆਂ, ਸਮਾਜਿਕ ਸੰਸਥਾਵਾਂ, ਸਿੱਖਿਆ ਸੰਸਥਾਵਾਂ ਅਤੇ ਆਮ ਲੋਕਾਂ ਨੂੰ ਇਸ ਲੋਕ-ਭਲਾਈ ਮੁਹਿੰਮ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਜਾਗਰੂਕਤਾ, ਸਮੇਂ ਸਿਰ ਜਾਂਚ ਅਤੇ ਅੰਗਦਾਨ ਪ੍ਰਤੀ ਸਕਾਰਾਤਮਕ ਸੋਚ ਅਪਣਾ ਕੇ ਅਨੇਕਾਂ ਲੋਕਾਂ ਦੀ ਜ਼ਿੰਦਗੀ ਬਚਾਈ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਇਹ ਮੈਰਾਥਨ ਸਿਰਫ਼ ਇੱਕ ਦੌੜ ਨਹੀਂ, ਸਗੋਂ ਤੰਦਰੁਸਤ ਸਮਾਜ ਅਤੇ ਜ਼ਿੰਦਗੀਆਂ ਬਚਾਉਣ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਇੱਕ ਉਪਰਾਲਾ ਹੈ।

# ਕੀ ਅਸੀਂ ਜਾਣਦੇ ਹਾਂ ਕਿ ਸਾਡੇ ਸੋਚਣ ਦੇ ਤਰੀਕਿਆਂ ਅਤੇ ਸਾਡੇ ਫੈਸਲਿਆਂ ਨੂੰ ਵੀ ਕੰਟਰੋਲ ਕੀਤਾ ਜਾ ਰਿਹਾ ਹੈ ?

## ਸੁਖਬੀਰ ਅਤੇ ਭਗਵੰਤ ਮਾਨ ਜਿਹੇ ਬਦਕਾਰ-ਮਕਾਰ ਜੋਕਰਾਂ ਨੂੰ ਮਹਾਂਭਾਰਤ ਦੇ ਰਣ-ਯੋਧਿਆਂ ਵਾਂਗ ਕੌਣ ਸ਼ਿੰਗਾਰ ਰਿਹਾ ਹੈ ?



ਅੱਜ ਦੀ ਹਾਈਪਰ -ਕਨੈਕਟਡ ਦੁਨੀਆ ਵਿੱਚ ਤਕਨਾਲੋਜੀ ਹੁਣ ਕੇਵਲ ਕੰਮਕਾਜੀ ਟੂਲ ਜਾਂ ਆਪਸੀ ਸੰਚਾਰ ਦਾ ਵਸੀਲਾ ਹੀ ਨਹੀਂ ਰਹੀ। ਸਗੋਂ ਹੁਣ ਇਹ ਸਾਡੀਆਂ ਭਾਵਨਾਵਾਂ ਅਤੇ ਸੋਚਣ ਦੇ ਤਰੀਕਿਆਂ ਨੂੰ ਅਸਰਅੰਦਾਜ਼ ਕਰਨ ਦਾ ਸਾਧਨ ਵੀ ਬਣ ਗਈ ਹੈ ।ਇਹ ਦਾਅਵਾ ਕੀਤਾ ਜਾਂਦਾ ਕਿ ਐਲਗੋਰਿਦਮ ( ਕੰਪਿਊਟਰ ਪ੍ਰੋਗਰਾਮ) ਮਨੁੱਖਾਂ ਦੀ ਤਰ੍ਹਾਂ ਸੋਚਣ ਦੇ ਟੀਚੇ ਨੂੰ ਮੁੱਖ ਰੱਖ ਕੇ ਤਿਆਰ ਕੀਤੇ ਜਾਂਦੇ ਹਨ । ਪਰ ਇਹਨਾਂ ਨੂੰ ਕਿਸੇ ਸਮਾਜ ਦੇ ਆਦਰਸ਼ਾਂ ਮੁਤਾਬਕ ਡਿਜ਼ਾਈਨ ਨਹੀਂ ਕੀਤਾ ਜਾਂਦਾ । ਇਹ ਐਲਗੋਰਿਦਮ ਚੇਤਨਾ,ਨੈਤਿਕਤਾ ਅਤੇ ਚੰਗੇ-ਮਾੜੇ ਦੀ ਪਛਾਣ ਦੀ ਭਾਵਨਾ ਤੋਂ ਰਹਿਤ ਹੁੰਦੇ ਹਨ ।ਪਰ ਫਿਰ ਵੀ ਇਸ ਸੱਚ ਨੂੰ ਝੁਠਲਾਇਆ ਨਹੀਂ ਜਾ ਸਕਦਾ ਕਿ ਇਹ ਮਾਡਰਨ ਟੈਕਨੋਲੋਜੀ ਅਤੇ ਡਿਜ਼ੀਟਲ ਮੀਡੀਆ ਸਾਡੀ ਜ਼ਿੰਦਗੀ ਜਿਉਣ ਦੇ ਤਰੀਕਿਆਂ ਤੋਂ ਇਲਾਵਾ ਸਾਡੇ ਹਰੇਕ ਤਰ੍ਹਾਂ ਦੇ ਫੈਸਲਿਆਂ ਨੂੰ ਪ੍ਰਭਾਵਿਤ ਕਰ ਰਿਹਾ ਹੈ । ਹੁਣ ਇਹ ਗੱਲ ਪ੍ਰਭਾਵਿਤ ਕਰਨ ਤੋਂ ਵੀ ਅੱਗੇ ਲੰਘ ਕਿ ਕੰਟਰੋਲ ਕਰਨ ਦੇ ਖਤਰਨਾਕ ਇਰਾਦਿਆਂ ਦੀ ਪੂਰਤੀ ਤੱਕ ਪੁੱਜ ਚੁੱਕੀ ਹੈ । ਇਸ ਟੈਕਨੋਲੋਜੀ ਅਤੇ ਡਿਜ਼ੀਟਲ ਮੀਡੀਆ ਦੀ ਵਰਤੋਂ ਕਰਕੇ ਸਾਡੇ ਖਾਣ-ਪੀਣ ,ਪਹਿਨਣ ਦੇ ਤਰੀਕਿਆਂ ਤੋਂ ਲੈ ਕੇ ਸਾਡੀਆਂ ਸਭਿਆਚਾਰਕ,ਰਾਜਨੀਤਕ ਅਤੇ ਧਾਰਮਿਕ ਰੁਚੀਆਂ ਨੂੰ ਮਨਚਾਹੀ ਦਿਸ਼ਾ ਦਿੱਤੀ ਜਾ ਰਹੀ ਹੈ ।ਅੱਜ ਦੇ ਯੁੱਗ ਵਿੱਚ ਮਨੁੱਖ ਭਾਵੇਂ ਆਪਣੀ ਪਸੰਦੀਦਾ ਜ਼ਿੰਦਗੀ ਜਿਉਣ ਅਤੇ ਆਜ਼ਾਦਾਨਾ ਤੌਰ ਤੇ ਫੈਸਲੇ ਲੈਣ ਦੇ ਲੱਖ ਦਾਅਵੇ ਕਰੇ ਪਰ ਕਿਤੇ ਨਾ ਕਿਤੇ ਉਸ ਦੀ ਹਾਲਤ ਕੰਟਰੋਲਡ ਮਸ਼ੀਨ ਜਿਹੀ ਬਣਦੀ ਜਾ ਰਹੀ ਹੈ ।ਇਹ ਸਵਾਲ ਵੀ ਮੂੰਹ ਅੱਡੀ ਖੜਾ, ਕੀ ਮਨੁੱਖ ਹਜ਼ਾਰਾਂ ਲੱਖਾਂ ਸਾਲਾਂ ਦੇ ਤਜਰਬੇ ਤੋਂ ਕਮਾਏ ਆਪਣੇ ਅਨੁਭਵੀ ਮਨ ਅਤੇ ਸਮਾਜੀ ਚੇਤਨਾ ਤੋਂ ਵਾਂਝਾ ਹੋ ਕੇ ਇੱਕ ਨਵੇਂ ਤਰ੍ਹਾਂ ਦਾ ਗੁਲਾਮ ਤਾਂ ਨਹੀਂ ਬਣਦਾ ਜਾ ਰਿਹਾ ਹੈ । ਉੱਪਰ ਜਿਕਰ ਕੀਤੇ ਦੇ ਆਧਾਰ ਉੱਤੇ ਜੇਕਰ ਅਸੀਂ ਬੀਤੇ ਦੋ ਦਹਾਕਿਆਂ ਤੋਂ ਪੰਜਾਬ ਵਿੱਚ ਧਰਮ ਅਤੇ ਰਾਜਨੀਤੀ ਦੇ ਖੇਤਰ ਵਿੱਚ ਖੇਡੀਆਂ ਜਾਣ ਵਾਲੀਆਂ ਖੇਡਾਂ ਨੂੰ ਪਰਖੀਏ ਤਾਂ ਸਾਨੂੰ ਸਭ ਨੂੰ ਇਹੋ ਜਾਪੇਗਾ ਕਿ ਅਸੀਂ ਠੱਗੇ ਗਏ ਹਾਂ । ਇਹ ਸਿਲਸਿਲਾ ਰੁਕਣ ਵਾਲਾ ਵੀ ਨਹੀਂ ਜਾਪਦਾ । ਅਸੀਂ ਇਸ ਖੇਡ ਵਿੱਚ ਐਨੇ ਖਚਤ ਹੁੰਦੇ ਜਾ ਰਹੇ ਹਾਂ ਕਿ ਸਾਨੂੰ ਬੀਤ ਚੁੱਕੇ ਸਮੇਂ ਅਤੇ ਭਵਿੱਖ ਪ੍ਰਤੀ ਸੋਚਣ ਦੀ ਗੱਲ ਭੁਲਾ ਕੇ ਵਰਤਮਾਨ ਵਿੱਚ ਜਿਉਣ ਅਤੇ ਸੋਚਣ ਲਈ ਮਜਬੂਰ ਕਰ ਦਿੱਤਾ ਜਾਂਦਾ ਹੈ । ਵਰਤਮਾਨ ਵੀ ਅਜਿਹਾ ਕਿ ਜਿਸ ਵਿੱਚ ਅਣਕਿਆਸੇ ਅਤੇ ਗੈਰ-ਜ਼ਰੂਰੀ ਮਸਲਿਆਂ ਨੂੰ ਪੈਦਾ ਕਰਕੇ ਸਾਡੀ ਪੜਚੋਲਵੀ ਦ੍ਰਿਸ਼ਟੀ ਨੂੰ ਧੁੰਦਲਾ ਦਿੱਤਾ ਜਾਂਦਾ ਹੈ ।ਇਸ ਧੁੰਦਲਾਈ ਦ੍ਰਿਸ਼ਟੀ ਸਦਕਾ ਅਸੀਂ ਗਲਤ ਚੋਣ ਕਰਨ ਅਤੇ ਆਤਮਘਾਤੀ ਫੈਸਲਿਆਂ ਲੈਣ ਦੇ ਰਾਹੇ ਪੈ ਜਾਂਦੇ ਹਾਂ ।ਠੱਗੇ ਜਾਣ ਤੋਂ ਬਾਅਦ ਅਸੀਂ ਵਕਤ ਪਾ ਕੇ ਫੈਸਲੇ ਤਾਂ ਜ਼ਰੂਰ ਬਦਲ ਲੈਂਦੇ ਹਾਂ ,ਪਰ ਪਰਨਾਲਾ ਉੱਥੇ ਦਾ ਉੱਥੇ ਰਹਿੰਦਾ ਹੈ । ਇਸ ਦਾ ਕਾਰਨ ਇਹ ਹੈ ਕਿ ਸਥਾਪਤੀ ਸਾਡੀ ਧੁੰਦਲਾਈ ਦ੍ਰਿਸ਼ਟੀ ਨੂੰ ਆਪਣੇ ਪ੍ਰਚਾਰ ਤਰੀਕਿਆਂ ਰਾਹੀਂ ਦੁਬਾਰਾ ਪ੍ਰਭਾਵਿਤ ਕਰਕੇ ਮੁੜ ਤੋਂ ਸਾਥੋਂ ਮਨ ਚਾਹੇ ਫੈਸਲੇ ਕਰਵਾ ਲੈਂਦੀ ਹੈ ।ਸਮਾਜ ਦਾ ਵੱਡਾ ਹਿੱਸਾ ਇਸ ਚੱਕਰਵਿਊ ਨੂੰ ਸਮਝੇ ਬਿਨ੍ਹਾਂ ਹੀ ਜਿਉਂਦਾ ਆ ਰਿਹਾ ਹੈ ,ਇਸ ਚੱਕਰਵਿਊ ਤੋਂ ਆਜ਼ਾਦ ਹੋ ਸਕਣ ਬਾਰੇ ਸੋਚਣਾ ਤਾਂ ਅਜੇ ਦੂਰ ਦੀ ਗੱਲ ਹੈ । ਪਹਿਲਾਂ ਬਾਦਲ ਵਰਤਾਰਾ,ਟੋਡੀ ਅਮਰਿੰਦਰ ਅਤੇ ਆਮ ਆਦਮੀ ਪਾਰਟੀ ਦਾ ਇਨਕਲਾਬ ਸਾਡੀ ਏਸੇ ਧੁੰਦਲਾਈ ਗਈ ਦ੍ਰਿਸ਼ਟੀ ਦੀਆਂ ਹੀ ਚੋਣਾਂ ਸਨ । 2027 ਵਿੱਚ ਵੀ ਕੁਝ ਵੱਖਰਾ ਨਹੀਂ ਹੋਣ ਜਾ ਰਿਹਾ ਹੈ । ਪੰਜਾਬ ਦੀ ਰਾਜਸੀ ਫਿਜ਼ਾ ਦੇ ਧਰਾਤਲ ਨੂੰ ਮਨ ਚਾਹੇ ਨਤੀਜੇ ਹਾਸਲ ਕਰਨ ਲਈ ਹੁਣ ਤੋਂ ਤਿਆਰੀ ਆਰੰਭ ਦਿੱਤੀ ਗਈ ਹੈ ।ਪੰਜਾਬ ਦੇ ਰਾਜਸੀ ਮਾਹੌਲ ਨੂੰ ਸੁੱਖੇ ਅਤੇ ਭੰਤੇ ਜਿਹੇ ਦੋ ਬਦਕਾਰ-ਮਕਾਰ ਜੋਕਰਾਂ ਦੇ ਦੁਆਲੇ ਸਮੇਟਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ । ਕੀ ਇਹ ਕੇਵਲ ਪੈਸਿਆਂ ਦੇ ਜ਼ੋਰ ਨਾਲ ਕੀਤਾ ਜਾ ਰਿਹਾ ਜਾਂ ਕਿਸੇ ਵੱਡੀ ਖੇਡ ਦਾ ਹਿੱਸਾ ਹੈ ? ਇਹਨਾਂ ਪਾਪ ਦੀ ਜੰਞ ਦੇ ਲਾੜਿਆਂ ਨੂੰ ਮਹਾਂਭਾਰਤ ਦੇ ਕੌਰਵਾਂ-ਪਾਂਡਵਾਂ ਵਾਂਗ ਰਣ ਯੋਧਿਆਂ ਦੀ ਤਰ੍ਹਾਂ ਪੇਸ਼ ਕਰਨ ਵਾਲੀਆਂ ਤਾਕਤਾਂ ਆਖਿਰ ਕੌਣ ਹਨ । ਇਹਨਾਂ ਸ਼ਕਤੀਆਂ ਨੂੰ ਹੀ ਸਥਾਪਤੀ ,ਡੀਪ ਸਟੇਟ ਜਾਂ ਇਹ ਕਹਿ ਲਵੋ ਕਿ ਹੁਕਮਰਾਨੀ ਸੋਚ ਕਿਹਾ ਜਾਂਦਾ ਹੈ । ਇਹਨਾਂ ਤਾਕਤਾਂ ਦੀ ਹਮੇਸ਼ਾ ਇਹ ਕੋਸ਼ਿਸ਼ ਹੁੰਦੀ ਹੈ ਕਿ ਰਾਜਸੀ ਮੁਕਾਬਲਿਆਂ ਦੇ ਫ਼ਾਈਨਲ ਮੈਚ ਵਿੱਚ ਉਹਨਾਂ ਦੇ ਪਸੰਦੀਦਾ ਖਿਡਾਰੀ ਹੀ ਪਹੁੰਚਣ । ਭਾਈ ਅੰਮ੍ਰਿਤਪਾਲ ਸਿੰਘ ਅਤੇ ਇੱਥੋਂ ਤੱਕ ਕਿ ਕਾਂਗਰਸ ਦਾ ਰਾਹ ਰੋਕਣ ਲਈ ਭਾਜਪਾ ਭੰਤੇ ਜਾਂ ਸੁੱਖੇ ਨੂੰ ਪੰਜਾਬ ਲੁੱਟਣ ਅਤੇ ਕੁੱਟਣ ਦਾ ਇਕ ਹੋਰ ਮੌਕਾ ਦੇਣ ਲਈ ਵੀ ਤਿਆਰ ਜਾਪਦੀ ਹੈ । ਹੁਣ ਦੇਖਣਾ ਇਹ ਹੈ ਕਿ ਪੰਜਾਬੀ ਬੀਤੇ ਵਿੱਚ ਕੀਤੀਆਂ ਗਲਤੀਆਂ ਨੂੰ ਦੁਹਰਾਉਂਦੇ ਹਨ ਜਾਂ ਆਪਣੀ ਸਵੈ ਚੇਤਨਤਾ ਦੀ ਵਰਤੋ ਕਰਕੇ ਇਸ ਚੱਕਰਵਿਊ ਵਿੱਚ ਬਾਹਰ ਨਿਕਲਣ ਦਾ ਯਤਨ ਕਰਨਗੇ ।ਸਾਨੂੰ ਇਹ ਗੱਲ ਨਹੀਂ ਵਿਸਾਰਨੀ ਚਾਹੀਦੀ ਕਿ ਸੁਖਬੀਰ ਬਾਦਲ ਅਤੇ ਭਗਵੰਤ ਮਾਨ ਇੱਕੋ ਥੈਲੀ ਦੇ ਚੱਟੇ-ਵੱਟੇ ਹੀ ਹਨ ।

**ਲੇਖਕ ਅਮਰੀਕ ਸਿੰਘ ਮੁਕਤਸਰ**

## ਹਿਮਾਚਲ ਅਤੇ ਪੰਜਾਬ ਦਾ ਭਾਈਚਾਰਾ ਖਰਾਬ ਕਰਨ ਵਾਲੀਆਂ ਸਾਜ਼ਿਸ਼ਾਂ ਸਿੱਖ ਪੰਥ ਕਦੇ ਬਰਦਾਸ਼ਤ ਨਹੀਂ ਕਰੇਗਾ: ਜਥੇਦਾਰ ਸੁਖਦੇਵ ਸਿੰਘ ਖਾਲਸਾ



ਫਿਰੋਜ਼ਪੁਰ 27 ਜੂਨ (ਮਨੋਹਰ ਲਾਲ) : ਹਿਮਾਚਲ ਪ੍ਰਦੇਸ਼ ਦੇ ਸ਼ਾਂਤੀਪੂਰਨ ਮਾਹੌਲ ਨੂੰ ਲਾਂਬੂ ਲਾਉਣ ਅਤੇ ਦੋਵਾਂ ਸੂਬਿਆਂ ਦੀ ਆਪਸੀ ਸਾਂਝ ਨੂੰ ਵਿਗਾੜਨ ਦੀਆਂ ਕੋਸ਼ਿਸ਼ਾਂ ’ਤੇ ਦਮਦਮੀ ਟਕਸਾਲ ਵੱਲੋਂ ਸਖ਼ਤ ਪ੍ਰਤੀਕਰਮ ਸਾਹਮਣੇ ਆਇਆ ਹੈ। ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਨੇ ਪੱਤਰਕਾਰਾਂ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ ਕਿਹਾ ਕਿ ਹਿਮਾਚਲ ਦੇ ਕੁਝ ਸਿਆਸੀ ਲੀਡਰਾਂ ਅਤੇ ਸ਼ਰਾਰਤੀ ਅਨਸਰਾਂ ਵੱਲੋਂ ਉੱਥੋਂ ਦੇ ਅਮਨ-ਕਾਨੂੰਨ ਅਤੇ ਸ਼ਾਂਤੀ ਨੂੰ ਭੰਗ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜਿਸ ਨੂੰ ਸਿੱਖ ਪੰਥ ਕਿਸੇ ਵੀ ਕੀਮਤ ’ਤੇ ਬਰਦਾਸ਼ਤ ਨਹੀਂ ਕਰੇਗਾ। ਜਥੇਦਾਰ ਖਾਲਸਾ ਨੇ ਸੋਸ਼ਲ ਮੀਡੀਆ ’ਤੇ ਵਾਇਰਲ ਹੋ ਰਹੀਆਂ ਕੁਝ ਵੀਡੀਓਜ਼ ਦਾ ਜ਼ਿਕਰ ਕਰਦਿਆਂ ਡੂੰਘੇ ਦੁੱਖ ਅਤੇ ਚਿੰਤਾ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਹਿਮਾਚਲ ਦੇ ਕੁਝ ਲੋਕ ਜਾਣਬੁੱਝ ਕੇ ਬਲਦੀ ਅੱਗ ਵਿੱਚ ਘਿਓ ਪਾਉਣ ਦਾ ਕੰਮ ਕਰ ਰਹੇ ਹਨ। ਭਾਵੇਂ ਕਿ ਉੱਥੋਂ ਦੀ ਪੁਲਿਸ ਨੇ ਪੀੜਤਾਂ ਨਾਲ ਕੁੱਟਮਾਰ ਕਰਨ ਵਾਲੇ ਦੋਸ਼ੀਆਂ ਖ਼ਿਲਾਫ਼ ਪਰਚਾ ਦਰਜ ਕਰ ਲਿਆ ਹੈ, ਪਰ ਇਸ ਦੇ ਬਾਵਜੂਦ ਕੁਝ ਗੁੰਮਰਾਹਕੁੰਨ ਲੋਕ ਸੋਸ਼ਲ ਮੀਡੀਆ ’ਤੇ ਗਲਤ ਅਤੇ ਨਫ਼ਰਤ ਭਰੀਆਂ ਵੀਡੀਓਜ਼ ਪਾ ਕੇ ਮਾਹੌਲ ਨੂੰ ਹੋਰ ਖ਼ਰਾਬ ਕਰ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਇਨ੍ਹਾਂ ਵੀਡੀਓਜ਼ ਰਾਹੀਂ ਜਾਣਬੁੱਝ ਕੇ 1984 ਦੇ ਦੁਖਾਂਤਕ ਘਟਨਾਕ੍ਰਮ ਅਤੇ ਹੋਰ ਸੰਵੇਦਨਸ਼ੀਲ ਮੁੱਦਿਆਂ ਦਾ ਹਵਾਲਾ ਦਿੱਤਾ ਜਾ ਰਿਹਾ ਹੈ, ਤਾਂ ਜੋ ਪੰਜਾਬ ਅਤੇ ਹਿਮਾਚਲ ਦੇ ਲੋਕਾਂ ਵਿਚਕਾਰ ਸਦੀਆਂ ਪੁਰਾਣਾ ਆਪਸੀ ਭਾਈਚਾਰਾ ਖ਼ਤਮ ਕੀਤਾ ਜਾ ਸਕੇ। ਜਥੇਦਾਰ ਸੁਖਦੇਵ ਸਿੰਘ ਖਾਲਸਾ ਨੇ ਸਪੱਸ਼ਟ ਸ਼ਬਦਾਂ ਵਿੱਚ ਆਖਿਆ ਕਿ ਹਿਮਾਚਲ ਪ੍ਰਦੇਸ਼ ਨਾਲ ਸਾਡਾ ਨਹੁੰ-ਮਾਸ ਦਾ ਅਤੇ ਭਰਾਵਾਂ ਵਾਲਾ ਰਿਸ਼ਤਾ ਹੈ, ਜਿਸ ਨੂੰ ਅਸੀਂ ਕਿਸੇ ਵੀ ਹਾਲਤ ਵਿੱਚ ਖ਼ਰਾਬ ਨਹੀਂ ਹੋਣ ਦੇਵਾਂਗੇ। ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਨੇ ਹਿਮਾਚਲ ਦੀ ਸਰਕਾਰ ਅਤੇ ਉੱਥੋਂ ਦੇ ਪੁਲਿਸ ਪ੍ਰਸ਼ਾਸਨ ਨੂੰ ਜ਼ੋਰਦਾਰ ਅਪੀਲ ਕੀਤੀ ਕਿ ਅਜਿਹੀਆਂ ਭੜਕਾਊ ਵੀਡੀਓਜ਼ ਬਣਾਉਣ, ਸੋਸ਼ਲ ਮੀਡੀਆ ’ਤੇ ਅਪਲੋਡ ਕਰਨ ਅਤੇ ਨਫ਼ਰਤ ਫੈਲਾਉਣ ਵਾਲੇ ਸ਼ਰਾਰਤੀ ਅਨਸਰਾਂ ਦੀ ਤੁਰੰਤ ਪਛਾਣ ਕੀਤੀ ਜਾਵੇ। ਉਨ੍ਹਾਂ ਮੰਗ ਕੀਤੀ ਕਿ ਇਨ੍ਹਾਂ ਸਭ ਦੇ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ ਤਾਂ ਜੋ ਆਪਸੀ ਭਾਈਚਾਰਕ ਸਾਂਝ ਅਤੇ ਅਮਨ-ਸ਼ਾਂਤੀ ਨੂੰ ਬਰਕਰਾਰ ਰੱਖਿਆ ਜਾ ਸਕੇ।

## 2027 ਵਿੱਚ ਅਧਿਕਾਰ ਸੰਘਰਸ਼ ਪਾਰਟੀ ਦੀ ਸਰਕਾਰ ਬਣਨ ਤੇ ਹਰ ਕਿਸਮ ਦੇ ਮਜ਼ਦੂਰ ਨੂੰ ਸਿਹਤ ਬੀਮਾ ਯੋਜਨਾ ਤਹਿਤ ਰਜਿਸਟਰ ਕੀਤਾ ਜਾਵੇਗਾ : ਇੰਜ ਸੁਰਿੰਦਰ ਸਿੰਘ ਭਿੰਡਰ



ਫਿਰੋਜ਼ਪੁਰ 27 ਜੂਨ (ਮਨੋਹਰ ਲਾਲ) : ਅਧਿਕਾਰ ਸੰਘਰਸ਼ ਪਾਰਟੀ ਦੇ ਪੰਜਾਬ ਪ੍ਰਧਾਨ ਅਤੇ ਪ੍ਰਮੁੱਖ ਸਲਾਹਕਾਰ ਇੰਜ ਸੁਰਿੰਦਰ ਸਿੰਘ ਭਿੰਡਰ ਨੇ ਪ੍ਰੈਸ ਮੀਡੀਆ ਦੇ ਕੁੱਝ ਚੋਣਵੇਂ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਤਤਕਾਲੀ ਰਵਾਇਤੀ ਪਾਰਟੀਆਂ ਦੀਆਂ ਸਰਕਾਰਾਂ ਅਤੇ ਮੌਜੂਦਾ ਆਪ ਸਰਕਾਰ ਨੇ ਹਰ ਮਜ਼ਦੂਰ ਜਮਾਤ ਅਤੇ ਗਰੀਬ ਲੋਕਾਂ ਦੇ ਕਲਿਆਣ ਲਈ ਕੋਈ ਮਹੱਤਵਪੂਰਨ ਸਕੀਮਾਂ ਲਾਗੂ ਨਹੀਂ ਕੀਤੀਆਂ। ਪਿੰਡ ਡੋਡ ਵਿਖੇ ਖੇਤ ਮਜ਼ਦੂਰਾਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਇੰਜ ਭਿੰਡਰ ਨੇ ਕਿਹਾ ਕਿ ਖੇਤ ਮਜ਼ਦੂਰਾਂ ਅਤੇ ਬਾਕੀ ਹਰ ਕਿਸਮ ਦੇ ਮਜ਼ਦੂਰਾਂ ਨੂੰ ਮਾਮੂਲੀ ਦਿਹਾੜੀ ਦੇਕੇ ਸਖ਼ਤ ਤੋਂ ਸਖ਼ਤ ਕੰਮ ਲਏ ਜਾਂਦੇ ਹਨ। ਮਜ਼ਦੂਰਾਂ ਨੂੰ ਮੀਂਹ ਹੋਵੇ, ਤਿੱਖੜ ਗਰਮੀ ਜਾਂ ਕੜਾਕੇ ਦੀ ਠੰਡ ਹੋਵੇ ਆਪਣੇ ਪਰਿਵਾਰ ਦਾ ਪੇਟ ਪਾਲਣ ਲਈ ਮਜ਼ਦੂਰੀ ਦਾ ਕੰਮ ਕਰਨਾ ਪੈਂਦਾ ਹੈ, ਕਈ ਵਾਰ ਦਿਹਾੜੀ ਨਾ ਮਿਲਣ ਕਾਰਨ ਮਜ਼ਦੂਰ ਨੂੰ ਖਾਲੀ ਹੱਥ ਆਪਣੇ ਘਰ ਵਾਪਸ ਪਰਤਣਾ ਪੈਂਦਾ ਹੈ,ਇਸ ਵਕਤ ਉਸਦੇ ਅਤੇ ਉਸ ਦੇ ਪਰਿਵਾਰ ਦੇ ਹਲਾਤ ਬਹੁਤ ਤਰਸਯੋਗ ਹੁੰਦੇ ਹਨ। ਮਜ਼ਦੂਰ ਨਾਲ ਆਮ ਹਾਦਸਾ ਵਾਪਰਨ ਨਾਲ ਉਸ ਕੋਲ ਇਲਾਜ ਲਈ ਪੈਸੇ ਨਾ ਹੋਣ ਕਾਰਨ ਇਲਾਜ ਖੁਣੋਂ ਰੁਲਣ ਲਈ ਮਜਬੂਰ ਹੋਣਾ ਪੈਂਦਾ ਹੈ। ਤਤਕਾਲੀ ਤੇ ਮੌਜੂਦਾ ਸਰਕਾਰਾਂ ਨੇ ਮਜ਼ਦੂਰਾਂ ਨਾਲ ਆਮ ਅਤੇ ਘਾਤਕ ਹਾਦਸਾ ਵਾਪਰਨ ਨਾਲ ਉਨਾਂ ਵਾਸਤੇ ਕੋਈ ਵੀ ਸਿਹਤ ਬੀਮਾ ਯੋਜਨਾ ਲਾਗੂ ਨਹੀਂ ਕੀਤੀਆਂ। ਜੇਕਰ ਸੱਟ ਲੱਗਣ ਕਾਰਨ ਮਜ਼ਦੂਰ ਨਿਕਾਰਾ ਹੋ ਜਾਂਦਾਂ ਹੈ ਅਤੇ ਕੰਮ ਕਰਨ ਯੋਗ ਨਹੀਂ ਰਹਿੰਦਾ ਤਾਂ ਉਸਦੇ ਪਰਿਵਾਰ ਨੂੰ ਸਿਹਤ ਬੀਮਾ ਯੋਜਨਾ ਤਹਿਤ 21 ਲੱਖ ਰੁਪਏ ਗ੍ਰਾਂਟ ਅਤੇ ਪਰਿਵਾਰ ਨੂੰ 5100 ਰੁਪਏ ਪ੍ਰਤੀ ਮਹੀਨਾ ਪੈਨਸ਼ਨ ਦਿੱਤੀ ਜਾਵੇਗੀ। ਇੰਜ ਭਿੰਡਰ ਨੇ ਦੱਸਿਆ ਕਿ ਜੇਕਰ ਕਿਸੇ ਮਜ਼ਦੂਰ ਦੀ ਹਾਦਸੇ ਕਾਰਨ ਮੌਤ ਹੋ ਜਾਂਦੀ ਹੈ ਤਾਂ ਸਿਹਤ ਬੀਮਾ ਯੋਜਨਾ ਤਹਿਤ ਉਸਦੇ ਪਰਿਵਾਰ ਨੂੰ 51 ਲੱਖ ਰੁਪਏ ਗ੍ਰਾਂਟ ਅਤੇ ਪਰਿਵਾਰ ਦੇ ਇਕ ਜੀਅ ਨੂੰ ਉਸਦੀ ਯੋਗਤਾ ਅਨੁਸਾਰ ਸਰਕਾਰੀ ਨੌਕਰੀ ਦਿੱਤੀ ਜਾਵੇਗੀ। ਹਰ ਕਿਸਮ ਦੇ ਮਜ਼ਦੂਰ ਨੂੰ ਸਿਹਤ ਬੀਮਾ ਯੋਜਨਾ ਤਹਿਤ ਰਜਿਸਟਰ ਕੀਤਾ ਜਾਵੇਗਾ ਤਾਂ ਕਿ ਹਾਦਸਾਗ੍ਰਸਤ ਹੋਣ ਤੇ ਉਸ ਨੂੰ ਅਤੇ ਉਸਦੇ ਦੇ ਪਰਿਵਾਰ ਨੂੰ ਸਰਕਾਰੀ ਸਹੂਲਤਾਂ ਮਿਲ ਸਕਣ ਅਤੇ ਉਸਨੂੰ ਅਤੇ ਉਸਦੇ ਦੇ ਪਰਿਵਾਰ ਨੂੰ ਦਰ ਦਰ ਦੀਆਂ ਠੋਕਰਾਂ ਨਾ ਖਾਣੀਆਂ ਪੈਣ। ਪੰਜਾਬ ਪ੍ਰਧਾਨ ਇੰਜ ਭਿੰਡਰ ਨੇ ਦੱਸਿਆ ਕਿ ਅਧਿਕਾਰ ਸੰਘਰਸ਼ ਪਾਰਟੀ ਦੀ ਸਰਕਾਰ ਬਣਨ ਤੇ ਗੈਰ ਹੁਨਰਮੰਦ ਅਤੇ ਹੁਨਰਮੰਦ ਮਜ਼ਦੂਰਾਂ ਨੂੰ ਕ੍ਰਮਵਾਰ 1000 / ਅਤੇ 1400 / ਰੁਪਏ ਪ੍ਰਤੀ ਦਿਨ ਦਿਹਾੜੀ ਦਿੱਤੀ ਜਾਵੇਗੀ ਜੋਕਿ ਲਾਜ਼ਮੀ ਹੋਵੇਗੀ। ਮੀਟਿੰਗ ਦੌਰਾਨ ਚੰਦਨਪ੍ਰੀਤ ਕੌਰ ਅਲਕਾ ਹਲਕਾ ਇੰਚਾਰਜ ਜ਼ੀਰਾ, ਜਗਸੀਰ ਸਿੰਘ, ਰਾਜਵਿੰਦਰ ਸਿੰਘ, ਸੋਨਾ ਸਿੰਘ, ਸਿਮਰਪਾਲ ਕੌਰ, ਸਿਮਰਜੀਤ ਕੌਰ, ਜਗਜੀਤ ਸਿੰਘ ਬਹਿਬਲਕਲਾਂ ,ਚਰਨਜੀਤ ਕੌਰ , ਮਮਤਾ ਕੌਰ ਅਤੇ ਬੋਹੜ ਸਿੰਘ ਹਾਜਰ ਸਨ

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਮਹਾਨ ਸ਼ਹੀਦੀ ਦਿਹਾੜਾ



**ਸ਼ਹੀਦੀ ਦਿਵਸ : ਬਾਬਾ ਬੰਦਾ ਬਹਾਦਰ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।**

**ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਗੁਰ ਸਿੱਖ ਚੀਮਾਂ ਪ੍ਰਵਾਰ ਵੱਲੋਂ ਲਈ ਹੈ, ਜਿਸ ਦੇ 28 ਜੂਨ ਦਿਨ ਐਤਵਾਰ ਨੂੰ ਸੰਪੂਰਨ ਭੋਗ ਪੈਣਗੇ।**

ਸ਼ਨਿੱਚਰਵਾਰ 27 ਜੂਨ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।ਐਤਵਾਰ 28 ਜੂਨ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 12:40 ਤੱਕ ਦੀਵਾਨ ਸੱਜਣਗੇ।

## ਛਬੀਲ ਲਗਾਈ ਜਾਵੇਗੀ , ਗੁਰੂ ਕਾ ਲੰਗਰ ਅਤੁੱਟ ਵਰਤੇਗਾ

**ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਜੀ ਅੰਮ੍ਰਿਤਸਰ ਸਾਹਿਬ ਜੀ ਰਾਗੀ ਭਾਈ ਲਖਬੀਰ ਸਿੰਘ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।**